ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 7 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨੫ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

Exclusive News

## ਅੰਮ੍ਰਿਤਸਰ 'ਚ ਭਾਜਪਾ ਉਮੀਦਵਾਰ ਖ਼ਿਲਾਫ਼ ਕਿਸਾਨਾਂ ਦਾ ਰੋਸ ਪ੍ਰਦਰਸ਼ਨ, ਕਾਲੇ ਝੰਡੇ ਦਿਖਾਕੇ ਲਾਏ ਮੁਰਦਾਬਾਦ ਦੇ ਨਾਅਰੇ

**ਅੰਮ੍ਰਿਤਸਰ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਸਾਬਕਾ ਆਈਐਫਐਸ ਅਧਿਕਾਰੀ ਤਰਨਜੀਤ ਸਿੰਘ ਸੰਧੂ ਦੇ ਖਿਲਾਫ ਸ਼ਨੀਵਾਰ ਨੂੰ ਅੰਮ੍ਰਿਤਸਰਵਿੱਚ ਪ੍ਰਦਰਸ਼ਨ ਕੀਤਾ ਗਿਆ। ਕਿਸਾਨਾਂ ਵੱਲੋਂ ਇਹ ਰੋਸ ਪ੍ਰਦਰਸ਼ਨ ਕੀਤਾ ਗਿਆ ਹੈ। ਕਿਸਾਨ ਪੂਰੇ ਪੰਜਾਬ ਵਿੱਚ ਭਾਜਪਾ ਉਮੀਦਵਾਰਾਂ ਨੂੰ ਘੇਰ ਰਹੇ ਹਨ। ਅਜੇ ਕੁਝ ਦਿਨ ਪਹਿਲਾਂ ਹੀ ਪੰਜਾਬੀ ਗਾਇਕ ਤੇ ਭਾਜਪਾ ਉਮੀਦਵਾਰ ਹੰਸ ਰਾਜ ਹੰਸ ਦੇ ਕਾਫਲੇ ਦਾ ਵੀ ਕਿਸਾਨਾਂ ਵੱਲੋਂ ਵਿਰੋਧ ਕੀਤਾ ਗਿਆ ਸੀ। ਦਰਅਸਲ, ਤਰਨਜੀਤ ਸਿੰਘ ਸੰਧੂ ਚੋਣ ਪ੍ਰਚਾਰ ਲਈ ਅਜਨਾਲਾ ਪਹੁੰਚੇ ਸਨ। ਸਾਬਕਾ ਅਕਾਲੀ ਆਗੂ ਤੇ ਭਾਜਪਾ ਦੇ ਮੌਜੂਦਾ ਲੀਡਰ ਬੋਨੀ ਅਜਨਾਲਾ ਵੀ ਉਨ੍ਹਾਂ ਦੇ ਨਾਲ ਸਨ। ਤਰਨਜੀਤ ਸਿੰਘ ਸੰਧੂ ਦਾ ਕਾਫਲਾ ਜਦੋਂ ਅਜਨਾਲਾ ਦੇ ਕਸਬਾ ਥੋਬਾ ਪਹੁੰਚਿਆ ਤਾਂ ਉਥੇ ਕਿਸਾਨ ਪਹਿਲਾਂ ਹੀ ਝੰਡੇ ਲੈ ਕੇ ਖੜ੍ਹੇ ਸਨ। ਕਾਫਲੇ ਨੂੰ ਦੇਖ ਕੇ ਕਿਸਾਨਾਂ ਨੇ ਵਿਰੋਧ ਕਰਨਾ ਸ਼ੁਰੂ ਕਰ ਦਿੱਤਾ। ਦੂਜੇ ਪਾਸੇ ਪੁਲੀਸ ਨੇ ਤਰਨਜੀਤ ਸਿੰਘ ਸੰਧੂ ਦੀਆਂ ਗੱਡੀਆਂ ਨੂੰ ਘੇਰ ਲਿਆ। ਕਿਸਾਨ ਗੱਡੀਆਂ ਦੇ ਬਿਲਕੁਲ ਨੇੜੇ ਪਹੁੰਚ ਗਏ ਜਿਸ ਤੋਂ ਬਾਅਦ ਤਰਨਜੀਤ ਸੰਧੂ ਨੂੰ ਸੁਰੱਖਿਆ ਕਰਮਚਾਰੀਆਂ ਨੇ ਸੁਰੱਖਿਅਤ ਰਸਤਾ ਬਣਾ ਕੇ ਬਾਹਰ ਕੱਢਿਆ। ਕਿਸਾਨਾਂ ਨੇ ਪੂਰੇ ਸੂਬੇ ਵਿੱਚ ਭਾਜਪਾ ਆਗੂਆਂ ਖ਼ਿਲਾਫ਼ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ। ਕਿਸਾਨਾਂ ਨੇ ਕਈ ਪਿੰਡਾਂ ਵਿੱਚ ਭਾਜਪਾ ਵਿਰੋਧੀ ਬੈਨਰ ਵੀ ਲਾਏ ਹੋਏ ਹਨ। ਜਿਸ ਵਿੱਚ ਉਨ੍ਹਾਂ ਚੋਣ ਪ੍ਰਚਾਰ ਕਰ ਰਹੇ ਭਾਜਪਾ ਆਗੂਆਂ ਨੂੰ ਪਿੰਡ ਵਿੱਚ ਨਾ ਆਉਣ ਦੀ ਚਿਤਾਵਨੀ ਦਿੱਤੀ ਹੈ।

### ਲੁਟੇਰੇ 20 ਲੱਖ ਰੁਪਏ ਲੁੱਟ ਕੇ ਹੋਏ ਫਰਾਰ

# ਅੰਮ੍ਰਿਤਸਰ ਦੇ ਵਿੱਚ ਹੋਈ ਵੱਡੀ ਬੈਂਕ ਡਕੈਤੀ

☛ ਪੁਲਿਸ ਟੀਮ ਵੱਲੋਂ ਤਿੰਨਾਂ ਨੌਜਵਾਨਾਂ ਦੀ ਪਹਿਚਾਨ ਕਰ ਲਈ ਹੈ ਜਲਦ ਕਰਾਂਗੇ ਲੁਟੇਰਿਆਂ ਨੂੰ ਗ੍ਰਿਫਤਾਰ : ਪੁਲਿਸ ਕਮਿਸ਼ਨਰ







ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤਸਰ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਵਿੱਚ ਲੁੱਟ ਚੋਰੀ ਖੋਹ ਦੀਆਂ ਵਾਰਦਾਤਾਂ ਲਗਾਤਾਰ ਵੱਧਦੀਆਂ ਜਾ ਰਹੀਆਂ ਹਨ ਅਜਿਹੀ ਹੀ ਉਦਾਹਰਨ ਅੰਮ੍ਰਿਤਸਰ ਦੇ ਇਲਾਕੇ ਤਰਨ ਤਰਨ ਰੋਡ ਦੇ ਉੱਪਰ ਸਾਹਮਣੇ ਆਈ ਹੈ ਜਿੱਥੇ ਲੁਟੇਰਿਆਂ ਵੱਲੋਂ ਇੱਕ ਪ੍ਰਾਈਵੇਟ ਬੈਂਕ ਆਈਸੀਆਈਸੀ ਬੈਂਕ ਨੂੰ ਨਿਸ਼ਾਨਾ ਬਣਾ ਕੇ ਇਸ ਦੇ ਵਿੱਚੋਂ 20 ਲੱਖ ਰੁਪਏ ਲੁੱਟ ਲਏ ਗਏ ਹਨ। ਇਸ ਨਿੱਜੀ ਬੈਂਕ ਦੇ ਵਿੱਚ ਲੁਟੇਰੇ ਐਕਟੀਵਾ ਤੇ ਸਵਾਰ ਹੋ ਕੇ ਆਉਂਦੇ ਹਨ ਅਤੇ ਸਿੱਧੇ ਕੈਸ਼ ਕਾਊਂਟਰ ਦੇ ਅੰਦਰ ਜਾ ਕੇ ਕੈਸ਼ੀਅਰ ਦੇ ਸਿਰ ਦੇ ਉੱਪਰ ਪਿਸਤੌਲ ਰੱਖ ਕੇ ਉੱਥੇ ਪਏ 20 ਲੱਖ ਰੁਪਏ ਲੁੱਟ ਕੇ ਫਰਾਰ ਹੋ ਜਾਂਦੇ ਹਨ। ਇਹ ਮਾਮਲਾ ਤਰਨ ਤਰਨ ਰੋਡ ਤੇ ਸਥਿਤ ਨਾਮਧਾਰੀ ਕੰਡੇ ਦੇ ਕੋਲ ਇੱਕ ਨਿੱਜੀ ਬੈਂਕ ਵਿੱਚ ਸਾਹਮਣੇ ਆਇਆ ਹੈ। ਮੌਕੇ ਤੇ ਪਹੁੰਚ ਕੇ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ ਤੇ ਪੁਲਿਸ ਦਾ ਕਹਿਣਾ ਹੈ ਕਿ ਬਹੁਤ ਜਲਦ ਹੀ ਲੁਟੇਰਿਆਂ ਨੂੰ ਕਾਬੂ ਕਰ ਲਿਆ ਜਾਵੇਗਾ ਉਹਨਾਂ ਕਿਹਾ ਕਿ ਲੁਟੇਰਿਆਂ ਦੀ ਸੀਸੀਟੀਵੀ ਕੈਮਰਿਆਂ ਦੇ ਜ਼ਰੀਏ ਪਹਿਚਾਣ ਕੀਤੀ ਜਾ ਰਹੀ ਹੈ ਬੈਂਕ ਅਧਿਕਾਰੀ ਨੇ ਇਸ ਮੌਕੇ ਤੇ ਗੱਲਬਾਤ ਕਰਦੇ ਹੋਏ ਦੱਸਿਆ ਕਿ ਅਚਾਨਕ ਦੋ ਲੁਟੇਰੇ ਬੈਂਕ ਦੇ ਅੰਦਰ ਦਾਖਲ ਹੋਏ ਅਤੇ ਸਿੱਧੇ ਕੈਸ਼ ਕਾਊਂਟਰ ਵੱਲ ਨੂੰ ਚਲੇ ਗਏ ਜਿੱਥੇ ਉਹਨਾਂ ਕੈਸ਼ੀਅਰ ਦੇ ਸਿਰ ਤੇ ਪਿਸਤੌਲ ਰੱਖਿਆ ਅਤੇ ਉਸਦੇ ਰਾਜ ਦੇ ਵਿੱਚ ਪਏ ਹੋਏ ਪੈਸੇ ਲੁੱਟ ਗਏ ਫਰਾਰ ਹੋ ਗਏ ਜਿਨਾਂ ਦੀ ਗਿਣਤੀ ਕਰਨ ਤੋਂ ਬਾਅਦ ਪਤਾ ਲੱਗਾ ਕਿ 20 ਲੱਖ ਰੁਪਏ ਦੀ ਲੁੱਟ ਹੋਈ ਹੈ।। ਉਹਨਾਂ ਕਿਹਾ ਕਿ ਉਹਨਾਂ ਨੂੰ ਨਹੀਂ ਪਤਾ ਕਿ ਬਾਹਰ ਕਿੰਨੇ ਹੋਰ ਲੋਕ ਸਨ ਪਰ ਬੈਂਕ ਦੇ ਅੰਦਰ ਸਿਰਫ ਦੋ ਲੋਕ ਦਾਖਲ ਹੋਏ ਸਨ ਜਿਨ੍ਹਾਂ ਨੇ ਹੱਥ ਦੇ ਵਿੱਚ ਪਿਸਟਲ ਫੜਿਆ ਹੋਇਆ ਸੀ। ਮੌਕੇ ਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੇ ਸੀਸੀਟੀਵੀ ਕੈਮਰੇ ਖੰਗਾਲੇ ਅਤੇ ਇਸ ਦੇ ਨਾਲ ਹੀ ਇਲਾਕੇ ਦੇ ਵਿੱਚ ਵੱਖ-ਵੱਖ ਦੁਕਾਨਾਂ ਦੇ ਬਾਹਰ ਲੱਗੇ ਸੀਸੀਟੀਵੀ ਕੈਮਰਿਆਂ ਦੀ ਵੀ ਜਾਂਚ ਕੀਤੀ ਗਈ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦੇ ਹੋਏ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਲੁਟੇਰਿਆਂ ਨੂੰ ਬਹੁਤ ਜਲਦ ਗ੍ਰਿਫਤਾਰ ਕਰਕੇ ਸਲਾਖਾਂ ਦੇ ਮਗਰ ਸੁੱਟਿਆ ਜਾਵੇਗਾ। ਉਹਨਾਂ ਕਿਹਾ ਕਿ ਸਾਰੇ ਮਾਮਲੇ ਦੀ ਜਾਂਚ ਬਰੀਕੀ ਦੇ ਨਾਲ ਕੀਤੀ ਜਾ ਰਹੀ ਹੈ।

## IAS ਪਰਮਪਾਲ ਕੌਰ ਦਾ ਅਸਤੀਫਾ ਨਹੀਂ ਹੋਇਆ ਮਨਜ਼ੂਰ, ਭਾਜਪਾ 'ਚ ਸ਼ਾਮਲ ਹੋ ਬਠਿੰਡਾਂ ਤੋਂ ਚੋਣ ਲੜਨ ਦੀਆਂ ਕਨਸੋਆਂ !

**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ



ਆਗੂ ਅਤੇ ਸਾਬਕਾ ਮੰਤਰੀ ਸਿਕੰਦਰ ਸਿੰਘ ਮਲੂਕਾ ਅਤੇ ਉਨ੍ਹਾਂ ਦੇ ਪਰਿਵਾਰ ਦਾ ਭਾਜਪਾ ਵਿੱਚ ਸ਼ਾਮਲ ਹੋਣਾ ਲਗਭਗ ਤੈਅ ਹੈ। 2 ਦਿਨ ਪਹਿਲਾਂ ਦਿੱਲੀ 'ਚ ਭਾਜਪਾ 'ਚ ਸ਼ਾਮਲ ਹੋਣ ਦਾ ਪ੍ਰੋਗਰਾਮ ਰੱਖਿਆ ਗਿਆ ਸੀ। ਪਰ, ਆਈਏਐਸ ਪਰਮਪਾਲ ਕੌਰ ਦਾ ਅਸਤੀਫ਼ਾ ਪੰਜਾਬ ਸਰਕਾਰ ਵੱਲੋਂ ਅਜੇ ਤੱਕ ਪ੍ਰਵਾਨ ਨਾ ਕੀਤੇ ਜਾਣ ਕਾਰਨ ਪ੍ਰੋਗਰਾਮ ਮੁਲਤਵੀ ਕਰ ਦਿੱਤਾ ਗਿਆ। ਆਈਏਐਸ ਪਰਮਪਾਲ ਕੌਰ ਮਲੂਕਾ ਦੀ ਨੂੰਹ ਹੈ। ਅਸਤੀਫਾ ਦੇਣ ਤੋਂ ਬਾਅਦ ਤੋਂ ਹੀ ਪਰਮਪਾਲ ਕੌਰ ਦੇ ਭਾਜਪਾ 'ਚ ਸ਼ਾਮਲ ਹੋਣ ਦੀਆਂ ਚਰਚਾਵਾਂ ਚੱਲ ਰਹੀਆਂ ਸਨ ਪਰ ਤਿੰਨ ਦਿਨ ਬੀਤ ਜਾਣ ਦੇ ਬਾਵਜੂਦ ਵੀ ਉਨ੍ਹਾਂ ਦਾ ਅਸਤੀਫਾ ਪ੍ਰਵਾਨ ਨਹੀਂ ਕੀਤਾ ਗਿਆ ਅਤੇ ਨਾ ਹੀ ਕੇਂਦਰੀ ਅਮਲਾ ਅਤੇ ਸਿਖਲਾਈ ਵਿਭਾਗ ਨੂੰ ਭੇਜਿਆ ਗਿਆ ਹੈ। ਅਸਤੀਫਾ ਮਨਜ਼ੂਰ ਹੋਣ ਤੱਕ ਉਹ ਸਿਆਸੀ ਪਾਰਟੀ 'ਚ ਸ਼ਾਮਲ ਨਹੀਂ ਹੋ ਸਕਦੇ। ਬੁੱਧਵਾਰ ਨੂੰ ਆਈਏਐਸ ਪਰਮਪਾਲ ਕੌਰ ਨੇ ਪੰਜਾਬ ਰਾਜ ਉਦਯੋਗਿਕ ਵਿਕਾਸ ਨਿਗਮ ਦੇ ਮੈਨੇਜਿੰਗ ਡਾਇਰੈਕਟਰ ਦੇ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਪਰਮਪਾਲ ਕੌਰ ਨੂੰ 2015 ਵਿੱਚ PCS ਤੋਂ IAS ਦੇ ਅਹੁਦੇ 'ਤੇ ਤਰੱਕੀ ਦਿੱਤੀ ਗਈ ਸੀ ਜਿਸ ਤੋਂ ਬਾਅਦ ਉਹ ਪੰਜਾਬ 'ਚ ਕਈ ਅਹਿਮ ਅਹੁਦਿਆਂ 'ਤੇ ਜ਼ਿੰਮੇਵਾਰੀਆਂ ਨਿਭਾ ਚੁੱਕੇ ਹਨ। ਮਲੂਕਾ ਬਠਿੰਡਾ ਹਾਲ ਹੀ ਵਿੱਚ ਸੰਸਦ ਮੈਂਬਰ ਹਰਸਿਮਰਤ ਬਾਦਲ ਨਾਲ ਮੌੜ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਪਿੰਡ ਪੱਧਰੀ ਮੀਟਿੰਗਾਂ ਕਰਨ ਵਿੱਚ ਰੁੱਝੇ ਹੋਏ ਸਨ। ਮਲੂਕਾ ਨੇ ਮਾਈਸਰਖਾਨਾ, ਕੁੱਤੀਵਾਲ, ਯਾਤਰੀ, ਕੁੱਤੀਵਾਲ ਖੁਰਦ ਅਤੇ ਹੋਰ ਕਈ ਪਿੰਡਾਂ ਵਿੱਚ ਪ੍ਰੋਗਰਾਮ ਕੀਤੇ ਸਨ। ਪਿਛਲੇ ਹਫ਼ਤੇ ਉਹ ਰਾਮਪੁਰਾ ਫੂਲ ਇਲਾਕੇ ਵਿੱਚ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਰੁੱਝੇ ਹੋਏ ਸਨ। ਪਾਰਟੀ ਦੀ ਪੰਜਾਬ ਬਚਾਓ ਯਾਤਰਾ ਇਸੇ ਇਲਾਕੇ ਵਿੱਚੋਂ ਲੰਘ ਰਹੀ ਸੀ। ਪਰ ਪਰਪਾਲ ਕੌਰ ਦੇ ਅਸਤੀਫੇ ਤੋਂ ਬਾਅਦ ਉਹ ਵੀ ਇਲਾਕੇ ਵਿੱਚ ਸਰਗਰਮ ਨਹੀਂ । ਜਦੋਂ ਤੋਂ ਪਰਮਪਾਲ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੀਆਂ ਅਫਵਾਹਾਂ ਚੱਲ ਰਹੀਆਂ ਹਨ, ਉਦੋਂ ਤੋਂ ਸਿਕੰਦਰ ਸਿੰਘ ਮਲੂਕਾ ਵੀ ਇਲਾਕੇ ਵਿੱਚ ਨਜ਼ਰ ਨਹੀਂ ਆਏ।

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਸੁਸ਼ੀਲ ਰਿੰਕੂ ਤੇ ਅੰਗੂਰਾਲ 'ਤੇ CM ਮਾਨ ਦਾ ਨਿਸ਼ਾਨਾ, ਦੋਵਾਂ ਨੂੰ ਦੱਸਿਆ ਕੱਚੇ ਭਮੱਕੜ, ਕਿਹਾ ਜਿਹੜੇ ਪੱਕੇ ਉਹ ਨਹੀਂ ਦਿੰਦੇ ਦਗਾ




**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿੱਚ ਦਲ ਬਦਲੂ ਲੀਡਰਾਂ ਦੀਆਂ ਚਰਚਾਵਾਂ ਕਾਫ਼ੀ ਹੋ ਰਹੀਆਂ ਹਨ। ਇਸ ਦੌਰਾਨ ਮੁੱਖ ਮੰਤਰੀ ਭਗਵੰਤ ਮਾਨ ਦਾ ਵੀ ਇੱਕ ਬਿਆਨ ਸਾਹਮਣੇ ਆਇਆ ਹੈ। ਆਮ ਆਦਮੀ ਪਾਰਟੀ ਦੇ ਲੀਡਰ ਵੀ ਆਪ ਨੂੰ ਛੱਡ ਕੇ ਭਾਜਪਾ 'ਚ ਚਲੇ ਗਏ ਹਨ। ਇਸ ਨੂੰ ਲੈ ਕੇ ਸੀਐਮ ਭਗਵੰਤ ਮਾਨ ਨੇ ਕਿਹਾ ਕਿ ਜਿਹੜੇ ਪੱਕੇ ਭਮੱਕੜ ਹਨ ਉਹਨਾਂ ਨੂੰ ਕੋਈ ਤੋੜ ਨਹੀਂ ਸਕਦਾ, ਜਿਹੜੀ ਮਰਜ਼ੀ ਪਾਰਟੀ ਜ਼ੋਰ ਲਗਾ ਲਵੇ ਸਾਡੇ ਪੱਕੇ ਭਮੱਕੜ ਨਹੀਂ ਹਿਲਦੇ। ਬੀਤੇ ਦਿਨੀ ਆਮ ਆਦਮੀ ਪਾਰਟੀ ਦੇ ਇਕਲੌਤੇ ਸਾਂਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਅਤੇ ਜਲੰਧਰ ਵੈਸਟ ਤੋਂ ਆਪ ਦੇ ਸਾਬਕਾ ਵਿਧਾਇਕ ਸ਼ੀਤਲ ਅੰਗੁਰਾਲ ਬੀਜੇਪੀ ਵਿੱਚ ਸ਼ਾਮਲ ਹੋ ਗਏ ਸਨ। ਹਲਾਂਕਿ ਆਮ ਆਦਮੀ ਪਾਰਟੀ ਨੇ ਸੁਸ਼ੀਲ ਰਿੰਕੂ ਨੂੰ ਜਲੰਧਰ ਲੋਕ ਸਭਾ ਹਲਕੇ ਤੋਂ ਆਪਣਾ ਉਮੀਦਵਾਰ ਵੀ ਬਣਾਇਆ ਹੋਇਆ ਸੀ ਪਰ ਫਿਰ ਵੀ ਰਿੰਕੂ ਆਪ ਨੂੰ ਛੱਡ ਕੇ ਭਾਜਪਾ ਵਿੱਚ ਸ਼ਾਮਲ ਹੋ ਗਏ ਸਨ। ਮੁੱਖ ਮੰਤਰੀ ਭਗਵੰਤ ਮਾਨ ਨੇ ਇਹ ਬਿਆਨ ਮੋਗਾ ਜਾਂਦੇ ਸਮੇਂ ਰਸਤੇ ਵਿੱਚ ਸਮਰਾਲਾ ਨੇੜੇ ਦਿੱਤਾ ਹੈ। ਸੀਐਮ ਭਗਵੰਤ ਮਾਨ ਦੇ ਕਾਫਿਲੇ ਨੂੰ ਇੱਕ ਆਪ ਵਰਕਰਾਂ ਨੇ ਰੋਕ ਲਿਆ ਅਤੇ ਸਿਰੋਪਾਓ ਦੇ ਕੇ ਉਹਨਾਂ ਨੂੰ ਸਨਮਾਨਿਤ ਕੀਤਾ ਸੀ। ਪੰਜਾਬ ਵਿੱਚ ਸਰਕਾਰ ਬਣ ਤੋਂ ਬਾਅਦ ਹੁਣ ਪਹਿਲੀ ਵਾਰ ਭਗਵੰਤ ਮਾਨ ਵਰਕਰਾਂ ਨੂੰ ਮਿਲਣ ਲਈ ਸੂਬੇ 'ਚ ਨਿਕਲੇ ਹਨ। ਅੱਜ ਭਗਵੰਤ ਮਾਨ ਦੇ ਪ੍ਰੋਗਰਾਮ ਮੋਗਾ ਅਤੇ ਫਿਰ ਜਲੰਧਰ ਵਿੱਚ ਰੱਖੇ ਗਏ ਹਨ। ਜਿੱਥੇ ਵਿਸ਼ਾਲ ਰੈਲੀ ਨੂੰ ਸੀਐਮ ਭਗਵੰਤ ਮਾਨ ਸੰਬੋਧਨ ਕਰਨਗੇ। ਮੋਗਾ ਵਿੱਚ ਮਾਲਵੇ ਨਾਲ ਸਬੰਧਤ ਵਲੰਟੀਅਰ ਹਿੱਸਾ ਲੈਣਗੇ, ਜਦਕਿ ਜਲੰਧਰ ਵਿੱਚ ਦੁਆਬਾ ਖੇਤਰ ਦੇ ਆਗੂਆਂ ਦੀ ਮੀਟਿੰਗ ਕੀਤੀ ਹੋਣੀ ਹੈ। ਇਸ ਵਿੱਚ ਪਿੰਡ ਪੱਧਰ ਦੇ ਆਗੂ ਸ਼ਾਮਲ ਹੋਣਗੇ। ਉਨ੍ਹਾਂ ਦੇ ਨਾਲ ਪੰਜਾਬ 'ਚ ਪਾਰਟੀ ਦੇ ਰਾਸ਼ਟਰੀ ਸੰਗਠਨ ਜਨਰਲ ਸਕੱਤਰ ਡਾ. ਸੰਦੀਪ ਪਾਠਕ ਵੀ ਉਨ੍ਹਾਂ ਦੇ ਨਾਲ ਹੋਣਗੇ । ਪਿਛਲੇ ਦੋ ਸਾਲਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਸਿਰਫ਼ ਰੈਲੀਆਂ ਅਤੇ ਉਦਘਾਟਨੀ ਸਮਾਗਮਾਂ ਵਿੱਚ ਹੀ ਸ਼ਾਮਲ ਹੋਏ ਸਨ। ਹਾਲਾਤ ਇਹ ਬਣ ਗਏ ਸੀ ਕਿ ਕੁਝ ਵਿਧਾਇਕਾਂ ਨੇ ਤਾਂ ਮੁੱਖ ਮੰਤਰੀ 'ਤੇ ਉਨ੍ਹਾਂ ਨਾਲ ਮੁਲਾਕਾਤ ਨਾ ਕਰਨ ਦੇ ਦੋਸ਼ ਵੀ ਲਾਏ। ਹੁਣ ਲੋਕ ਸਭਾ ਚੋਣਾਂ ਦਰਮਿਆਨ ਮੁੱਖ ਮੰਤਰੀ ਨਾ ਸਿਰਫ ਵਲੰਟੀਅਰਾਂ ਨੂੰ ਮਿਲ ਰਹੇ ਹਨ, ਸਗੋਂ ਵਿਧਾਇਕਾਂ ਨਾਲ ਵੀ ਮੀਟਿੰਗਾਂ ਕਰ ਰਹੇ ਹਨ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਲਗਾਤਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਆਖਰਕਾਰ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਕਿ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੈਜੂਏਟ ਦੇ ਪਾਠੀ, ਗਿਆਨੀ, ਰਾਗੀ, ਗਤਕਾ ਸਿਖਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਹਾਸਲ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖ਼ਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਕੱਢ ਕੇ ਅਤੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਵੋ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਲੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ
(Scale 1: 1250)

ਦਮਦਮੀ ਟਕਸਾਲ
ਜਥਾ ਭਿੰਡਰਾਂ
ਯੂ ਕੇ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




# ਜਲਾਵਤਨੀ ਭਾਈ ਪਰਮਜੀਤ ਸਿੰਘ ਪੰਮਾ ਦੇ ਪਿਤਾਜੀ ਅਕਾਲ ਚਲਾਣਾ ਕਰ ਗਏ

ਨਵੀਂ ਦਿੱਲੀ 6 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਪੰਥ ਦੇ ਚਲ ਰਹੇ ਸਿੱਖ ਸੰਘਰਸ਼ ਦੌਰਾਨ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਸ਼ਹੀਦ ਭਾਈ ਪਰਮਿੰਦਰ ਸਿੰਘ ਬੱਬਰ ਰਾਜਾ ਬੌਸ ਅਤੇ ਸਿਖਸ ਫਾਰ ਜਸਟਿਸ ਦੇ ਕੋ ਆਰਡੀਨੇਟਰ ਭਾਈ ਪਰਮਜੀਤ ਸਿੰਘ

## ਵੱਡਾ ਭਰਾ ਭਾਈ ਪਰਮਿੰਦਰ ਸਿੰਘ ਰਾਜਾ ਬੌਸ ਵੀਂ ਸਿੱਖ ਸੰਘਰਸ਼ ਅੰਦਰ ਹੋਇਆ ਸੀ ਸ਼ਹੀਦ

ਪੰਮਾ ਦੇ ਪਿਤਾ ਸ੍ਰ ਅਮਰੀਕ ਸਿੰਘ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਹਨ । ਜਿਕਰਯੋਗ ਹੈ ਕਿ ਮੌਜੂਦਾ ਸੰਘਰਸ਼ ਅੰਦਰ ਭਾਈ ਪੰਮਾ ਦੇ ਵੱਡੇ ਭਰਾਤਾ ਭਾਈ ਪਰਮਿੰਦਰ ਸਿੰਘ ਰਾਜਾ ਬੌਸ ਨੇ ਵੀ ਵੱਡੇ ਕਾਰਨਾਮੇ ਕਰਦਿਆਂ ਜੂਝ ਕੇ ਸ਼ਹੀਦੀ ਪਾਈ ਸੀ ਤੇ ਹੁਣ ਭਾਈ ਪੰਮਾ ਵੀਂ ਹਿੰਦ ਸਰਕਾਰ ਲਈ ਲੋੜੀਂਦੇ ਹਨ ਜਿਸ ਕਰਕੇ ਏਜੰਸੀਆਂ ਅਤੇ ਪੁਲਿਸ ਵਲੋਂ ਭਾਈ ਪਰਮਜੀਤ ਸਿੰਘ ਪੰਮਾ ਦੇ ਮੋਹਾਲੀ ਰਹਿੰਦੇ ਮਾਤਾ ਪਿਤਾ ਨੂੰ ਵਾਰ ਵਾਰ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਰਿਹਾ ਹੈ। ਜਿਹਨਾਂ ਦਾ ਕਸੂਰ ਸਿਰਫ ਇਹੀ ਰਿਹਾ ਹੈ ਕਿ ਉਹਨਾਂ ਦੇ ਘਰ ਸਿੱਖ ਕੌਮ ਤੇ ਭਾਰਤ ਸਰਕਾਰ ਵਲੋਂ ਕੀਤੇ ਜਾ ਰਹੇ ਜ਼ੁਲਮਾਂ ਖਿਲਾਫ ਜੂਝ ਕੇ ਸ਼ਹੀਦ ਹੋਏ ਸ਼ਹੀਦ ਭਾਈ ਪਰਮਿੰਦਰ ਸਿੰਘ ਬੱਬਰ ਅਤੇ ਮੌਜੂਦਾ ਸਮੇਂ ਦੌਰਾਨ ਅਜਾਦ ਸਿੱਖ ਰਾਜ ਲਈ ਯਤਨਸ਼ੀਲ ਭਾਈ ਪਰਮਜੀਤ ਸਿੰਘ ਪੰਮਾ ਨੂੰ ਜਨਮ ਦਿੱਤਾ ਹੈ। ਸਿੱਖ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਗੁਰਸਿੱਖਾਂ ਦੇ ਪਰਿਵਾਰਾਂ ਅਤੇ ਰਿਸ਼ਤੇਦਾਰਾਂ ਨੂੰ ਪੁਲਿਸ ਅਤੇ ਏਜੰਸੀਆਂ ਅਕਸਰ ਹੀ ਤੰਗ ਪ੍ਰੇਸ਼ਾਨ ਕਰਦੀਆਂ ਰਹਿੰਦੀਆਂ ਹਨ ਤਾਂ ਕਿ ਆਮ ਲੋਕਾਂ ਵਿੱਚ ਦਹਿਸ਼ਤ ਦਾ ਮਹੌਲ ਪੈਦਾ ਕੀਤਾ ਜਾ ਸਕੇ। ਦੇਸ਼ ਵਿਦੇਸ਼ ਦੀਆਂ ਵੱਖ ਵੱਖ ਸਿੱਖ ਜਥੇਬੰਦੀਆਂ ਵਲੋਂ ਭਾਈ ਪੰਮਾ ਨਾਲ ਗਹਿਰੇ ਦੁੱਖ ਦਾ ਪ੍ਰਵਟਾਵਾ ਕਰਦਿਆਂ ਵਿਛੁੜੀ ਰੂਹ ਨੂੰ ਅਕਾਲ ਪੁਰਖ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਇਸ ਰੱਬੀ ਭਾਣੇ ਨੂੰ ਸਹਿਣ ਕਰਨ ਦੀ ਅਰਦਾਸ ਕੀਤੀ ਗਈ।



ਆਵਾਜ਼ਿ ਕੌਮ AWAZE QAUM
International Newspaper & WEB TV







# ਗਲੋਬਲ ਇੰਸਟੀਚਿਊਟ ਵੱਲੋਂ ਵਿਸ਼ਵ ਵਿਕਲਾਂਗ ਦਿਹਾੜਾ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ



**ਚੌਕ ਮਹਿਤਾ, 6 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਿਵਯਾਂਗ ਬੱਚਿਆਂ ਨੂੰ ਪ੍ਰੋਤਸਾਹਨ ਲਈ ਅਤੇ ਉਹਨਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਦੇ ਉਦੇਸ਼ ਨਾਲ ਗਲੋਬਲ ਇੰਸਟੀਚਿਊਟ ਫਾਰ ਚਾਇਲਡਹੁਡ ਡਿਸੇਬਿਲਟੀ (ਜੀ.ਆਈ.ਸੀ.ਡੀ) ਵੱਲੋਂ ਡੀ.ਏ.ਵੀ ਕਾਲਜ ਆਫ ਐਜੂਕੇਸ਼ਨ ਵਿਖੇ ਵਿਸ਼ਵ ਵਿਕਲਾਂਗ ਦਿਹਾੜਾ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਸੰਸਥਾ ਦੇ ਸੰਸਥਾਪਕ ਚੇਅਰਮੈਂਨ ਸਮਾਜ ਸੇਵੀ ਸ਼੍ਰੀ ਅਰੂਣ ਖੰਨਾ ਅਤੇ ਸੰਰਕਸ਼ਕ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਡਾ. ਸਵਰਾਜ ਗਰੋਵਰ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਪ੍ਰੋਗਰਾਮ ਨੂੰ ਕਰਵਾਉਣ ਵਿੱਚ ਕਾਲਜ ਦੇ ਅਧਿਯਕਸ਼ ਸ਼੍ਰੀ ਅਰਵਿੰਦ ਸ਼ਰਮਾ, ਪ੍ਰਿੰ. ਡਾ. ਅੰਜੂ ਮਹਿਤਾ, ਪ੍ਰੋਗਰਾਮ ਸੰਚਾਲਕ ਡਾ. ਨੀਰਜ ਸ਼ਰਮਾ ਅਤੇ ਉਹਨਾਂ ਦੇ ਸਟਾਫ ਦਾ ਯੋਗਦਾਨ ਰਿਹਾ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਇੰਪਰੂਵਮੈਂਟ ਟ੍ਰਸ਼ਟ ਦੇ ਚੇਅਰਪਰਸਨ ਸ਼੍ਰੀ ਅਸ਼ੋਕ ਤਲਵਾਰ ਸਨ। ਗੈਸ਼ਟ ਆਫ ਓਨਰ ਦੇ ਰੁਪ ਵਿੱਚ ਬਾਲ ਸਪੈਸ਼ਿਲਸ਼ਟ ਡਾ. ਮਨਪ੍ਰੀਤ ਕੌਰ, ਦਿਵਯਾਂਗ ਸਪੈਸ਼ਿਲਸ਼ਟ ਡਾ. ਪ੍ਰੇਰਣਾ ਖੰਨਾ, ਡਾ, ਹੀਰਾ ਲਾਲ ਦੁੱਗਲ, ਸਮਾਜ ਸੇਵੀ ਜਗਦੀਸ਼ ਮੇਹਰਾ ਨੇ ਆਪਣੀ ਮੌਜੂਦਗੀ ਦਰਜ ਕਰਵਾਈ। ਸ਼੍ਰੀ ਅਸ਼ੋਕ ਤਲਵਾਰ ਨੇ ਇਸ ਪ੍ਰੋਗਰਾਮ ਦੀ ਤਰੀਫ ਕਰਦੇ ਹੋਏ ਸੰਸਥਾ ਨੂੰ ਹਰ ਮਦਦ ਦੇਣ ਦਾ ਭਰੋਸਾ ਦਿੱਤਾ। ਸ਼੍ਰੀ ਅਰੂਣ ਖੰਨਾ ਨੇ ਕਿਹਾ ਕਿ ਮਾਨਸਿਕ ਦਿਵਯਾਂਗ ਬੱਚਿਆਂ ਨੂੰ ਆਤਮ ਨਿਰਭਰ ਬਨਾਉਣਾ ਹੀ ਮੇਰੇ ਜੀਵਨ ਦਾ ਉਦੇਸ਼ ਹੈ। ਇਹਨਾਂ ਬੱਚਿਆਂ ਵਿੱਚ ਛੁੱਪੀ ਹੋਈ ਕਲਾ ਨੂੰ ਪਹਿਚਾਨਣਾ ਸਾਡੀ ਡਿਉਟੀ ਹੈ। ਡਾ. ਸਵਰਾਜ ਗਰੋਵਰ ਨੇ ਕਿਹਾ ਮਾਨਸਿਕ ਦਿਵਯਾਂਗ ਬੱਚੇ ਸਾਡੇ ਦੇਸ਼ ਦਾ ਕੀਮਤੀ ਤੋਫਾ ਹਨ। ਇਹਨਾਂ ਨੇ ਆਪਣੇ ਰੁਤਬੇ ਦਾ ਪਰਚਮ ਸਾਰੇ ਸੰਸਾਰ ਵਿੱਚ ਲਹਿਰਾਇਆ ਹੈ। ਸ਼੍ਰੀ ਅੰਜੂ ਮਹਿਤਾ ਨੇ ਕਿਹਾ ਕਿ ਗਲੋਬਲ ਇੰਸਟੀਚਿਊਟ ਵੱਲੋਂ ਹੋਇਆ ਇਹ ਪ੍ਰੋਗਰਾਮ ਸਾਰੇ ਸਮਾਜ ਲਈ ਪ੍ਰੇਰਨਾ ਹੈ। ਡਾ. ਮਨਮੀਤ ਕੌਰ ਨੇ ਕਿਹਾ ਸ਼ਰੀਰ ਵਿੱਚ ਕੁਦਰਤੀ ਦੀ ਕਮੀ ਦੇ ਕਾਰਨ ਵਿਕਲਾਂਗਤਾ ਹੁੰਦੀ ਹੈ। ਗਲੋਬਲ ਇੰਸਟੀਚਿਊਟ ਜਿਹੀਆਂ ਸੰਸਥਾਵਾਂ ਹੀ ਠੀਕ ਇਲਾਜ ਕਰ ਸਕਦੀਆਂ ਹਨ। ਡਾ. ਪ੍ਰੇਰਨਾ ਖੰਨਾ ਨੇ ਕਿਹਾ ਕਿ ਗਲੋਬਲ ਇੰਸਟੀਚਿਊਟ ਪੂਰੇ ਉਤਰ ਭਾਰਤ ਵਿੱਚ ਇਕ ਹੈ।ਹਸਪਤਾਲਾਂ ਵਿਚ ਇਹੋ ਜਿਹੇ ਬੱਚਿਆਂ ਦੇ ਇਲਾਜ ਦੀ ਸਹੂਲਤ ਨਹੀ ਹੈ। ਇਹੋ ਜਿਹੇ ਬੱਚੇ ਠੀਕ ਇਲਾਜ ਨਾਲ ਸਮਾਜ ਦੇ ਚੰਗੇ ਨਾਗਰਿਕ ਬਣ ਸਕਦੇ ਹਨ। ਪ੍ਰੋਗਰਾਮ ਵਿਚ ਡੀ.ਐਸ.ਐਸ.ਓ ਸ਼੍ਰੀਮਤੀ ਸਵਿਤਾ ਭਗਤ, ਸ਼੍ਰੀ ਜਗਦੀਸ਼ ਮੇਹਰਾ, ਸਰੋਜ ਚਾਵਲਾ, ਆਗੋਸ਼ ਹੋਲਡਿੰਗ ਹੈਂਡ ਦੇ ਮਨਿੰਦਰ ਕੌਰ, ਕਮਲਜੀਤ ਸਿੰਘ ਅਤੇ ਹੋਰ ਕਈ ਡਾਕਟਰ ਮੌਜੁਦ ਹਨ। ਪਿੰਗਲਵਾੜਾ ਤੋਂ ਆਏ ਹੋਏ ਦਿਵਯਾਂਗ ਧੀਆਂ ਨੇ ਬੜਾ ਸੋਹਨਾ ਡਾਂਸ ਪੇਸ਼ ਕਰਕੇ ਖੁਬ ਤਾਲੀਆਂ ਬਟੋਰੀਆਂ।ਰਾਸ਼ਟਰ ਗਾਨ ਦੇ ਨਾਲ ਪ੍ਰੋਗਰਾਮ ਖਤਮ ਕੀਤਾ ਗਿਆ। ਸਾਰੇ ਬੱਚਿਆਂ ਨੂੰ ਮਿਠਾਇਆਂ ਅਤੇ ਫਲ ਵੰਡੇ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਥ ਸਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
☬ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ਉ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਭਾਈ ਘਨੱਈਆ ਲੋਕ ਸੇਵਾ ਚੈਰੀਟੇਬਲ ਸੁਸਾਇਟੀ (ਰਜਿ:) ਬਰਨਾਲਾ ਵੱਲੋਂ




## ਭਾਈ ਘਨੱਈਆ ਜੀ ਦੀ ਯਾਦ ਨੂੰ ਸਮਰਪਿਤ

## ਹਰ ਇੱਕ ਬਿਮਾਰੀ ਦਾ

# ਫਰੀ ਮੈਡੀਕਲ ਕੈਂਪ

**ਦਵਾਈਆਂ ਫਰੀ ਦਿੱਤੀਆਂ ਜਾਣਗੀਆਂ**



ਭਾਈ ਪਰਮਜੀਤ ਸਿੰਘ ਪੰਮਾ
ਮੁੱਖ ਸੇਵਾਦਾਰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ
ਸਾਬਕਾ ਜਥੇਦਾਰ
ਸ੍ਰੀ ਅਕਾਲ ਤਖਤ ਸਾਹਿਬ

ਵਿਸ਼ੇਸ਼ ਸਹਿਯੋਗ



ਜਥੇਦਾਰ ਹਰਚੰਦ ਸਿੰਘ ਚਕਰ
ਪੰਜਾਬ ਪ੍ਰਧਾਨ
ਇੰਟਰਨੈਸ਼ਨਲ ਪੰਥਕ ਦਲ



ਜਥੇਦਾਰ ਦਲੀਪ ਸਿੰਘ ਚਕਰ
ਪੰਜਾਬ ਕਨਵੀਨਰ
ਇੰਟਰਨੈਸ਼ਨਲ ਪੰਥਕ ਦਲ

**ਸਥਾਨ** ਬੀਐਮਸੀ ਸੁਪਰਸਪੈਸ਼ਲਿਟੀ ਹਸਪਤਾਲ ਬਰਨਾਲਾ
ਨੇੜੇ ਡੀ-ਮਾਰਟ, ਹੰਡਿਆਇਆ ਰੋਡ, ਬਰਨਾਲਾ-148101, ਮੋ: 99150-53618, 99150-54618, 99150-56618

**ਮਿਤੀ: 07 ਅਪ੍ਰੈਲ 2024 ਦਿਨ ਐਤਵਾਰ**
(ਸਮਾਂ : ਸਵੇਰੇ 7.30 ਵਜੇ ਤੋਂ ਸ਼ਾਮ 3.00 ਵਜੇ ਤੱਕ)

**ਸਕੈਨਾਂ 'ਤੇ 50 ਪ੍ਰਤੀਸ਼ਤ ਛੋਟ**
- ਸਿਟੀ ਸਕੈਨ
- ਦਿਲ ਦੀ ਇੰਜੋਓਗਰਾਫੀ
- ਦਿਲ ਦੀ ਈਕੋ
- ਐਕਸ-ਰੇ
- ਈ.ਸੀ.ਜੀ.
- ਅਲਟਰਾਸਾਊਂਡ

**ਲੈਬ ਟੈਸਟਾਂ 'ਤੇ 30 ਪ੍ਰਤੀਸ਼ਤ ਛੋਟ**

**ਲੀਵਰ ਦੀ ਫੈਬਰੋ ਸਕੈਨ ਬਿੱਲਕੁੱਲ ਫਰੀ ਕੀਤੀ ਜਾਵੇਗੀ**

**ਪਹੁੰਚ ਰਹੇ ਵੱਖ-ਵੱਖ ਬਿਮਾਰੀਆਂ ਦੇ ਮਹਿਰ ਡਾਕਟਰ**

| | | | | |
|---|---|---|---|---|
| ਡਾ. ਉਜਵਲ ਚੰਦਰਾ ਮੀਹੋਤਰਾ | ਡਾ. ਮਨੀਸ਼ ਸ਼ਰਮਾ | ਡਾ. ਸੁਮਿਤ ਮਹਿਤਾ<br>ਡੀ ਐਮ (ਗੈਸਟਰੋ)<br>ਪੇਟ ਅਤੇ ਜਿਗਰ ਰੋਗਾਂ ਦੇ ਮਾਹਿਰ | ਡਾ. ਅਮਨਦੀਪ ਕੌਰ | ਡਾ. ਈਸ਼ਾਨ ਬਾਂਸਲ |
| ਡਾ. ਮੇਘਾ ਸਿੰਗਲਾ | ਡਾ. ਗੁਰਿੰਦਰ ਸਿੰਘ ਮਾਨ | ਡਾ. ਤੁਸ਼ਾਰ ਸਿੰਗਲਾ | ਡਾ. ਜਸਕਰਨ ਸਿੰਘ | ਡਾ. ਸ਼ਾਇਨਾ ਔਲਖ |
| ਡਾ. ਕਮਲ ਦੇਵਗਨ<br>ਐਮ ਐਸ (ਈ ਐਨ ਟੀ)<br>ਕੰਨ ਨੱਕ ਗਲਾ ਰੋਗ ਮਾਹਿਰ | ਡਾ. ਨਵਦੀਪ ਕੌਰ ਚਹਿਲ | ਡਾ. ਲੀਜ਼ਾ ਗੁਪਤਾ<br>ਐਮ ਡੀ<br>ਬਾਲ ਰੋਗਾਂ ਦੇ ਮਾਹਿਰ | ਡਾ. ਰਾਜੀਵ ਚਾਵਲਾ | ਡਾ. ਅਰਸ਼ਦੀਪ ਕੌਰ |

ਜ਼ਿਕਰਯੋਗ ਹੈ ਕਿ ਸੁਸਾਇਟੀ ਵੱਲੋਂ ਪਿਛਲੇ 12 ਸਾਲ ਤੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਗਰੀਬ ਲੜਕੀਆਂ ਦੇ ਵਿਆਹ, ਲੋੜਵੰਦਾਂ ਦਾ ਇਲਾਜ, ਮੈਡੀਕਲ ਕੈਂਪ, ਖੂਨਦਾਨ ਕੈਂਪ, ਗੁਰੂਆਂ ਦੇ ਅਵਤਾਰ ਅਤੇ ਸ਼ਹੀਦੇ ਦਿਹਾੜੇ ਮਨਾਉਣਾ, ਬੱਚਿਆਂ ਨੂੰ ਗੁਰਬਾਣੀ ਸਿੱਖਿਆ ਆਦਿ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ।

ਪਰਮਜੀਤ ਸਿੰਘ, ਗੁਰਜੰਟ ਸੇਖਾ, ਕਿਰਪਾਲ ਸਿੰਘ, ਪਰਮਿੰਦਰ ਕੈਰੇ, ਚਮਕੌਰ ਸਿੰਘ, ਰਜਿੰਦਰ ਸਿੰਘ ਰਾਜੂ

**98034-10387, 84274-22107, 98761-76563, 98770-45054, 79860-54286, 99885-28505**

---

## ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਛੱਪੜੀ ਸਾਹਿਬ

# ਪਿੰਡ ਤੂਤ, ਵਿਖੇ

## ਨਵੇਂ ਬਣ ਰਹੇ ਲੰਗਰ ਹਾਲ ਦੇ

# ਦੂਜੇ ਪੜਾਅ ਦੇ ਲੈਂਟਰ



## ਮਿਤੀ 7 ਅਪ੍ਰੈਲ 2024 ਦਿਨ ਐਤਵਾਰ ਨੂੰ

ਸਮੂਹ ਦੇਸ਼ ਵਿਦੇਸ਼ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਨਵੇਂ ਬਣ ਰਹੇ ਲੰਗਰ ਹਾਲ ਦੇ ਦੂਜੇ ਪੜਾਅ ਦਾ ਲੈਂਟਰ ਪਾਇਆ ਜਾ ਰਿਹਾ ਹੈ। ਆਪ ਸੰਗਤਾਂ ਤਨ ਮਨ ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ



ਬੇਨਤੀ ਕਰਤਾ

# ਮੁੱਖ ਸੇਵਾਦਾਰ ਬਾਬਾ ਬੋਹੜ ਸਿੰਘ ਜੀ

ਅਤੇ ਸਮੂਹ ਪ੍ਰਬੰਧਕ ਸੇਵਾਦਾਰ

# ਸੰਮਤ ੫੫੬ ਨਾਨਕਸ਼ਾਹੀ ਕੈਲੰਡਰ




(ਸੰਨ 2024-25)

ਮਾਰਚ-24 **ਚੇਤ** ਅਪ੍ਰੈਲ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

ਅਪ੍ਰੈਲ-24 **ਵੈਸਾਖ** ਮਈ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

ਮਈ-24 **ਜੇਠ** ਜੂਨ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

ਜੂਨ-24 **ਹਾੜ** ਜੁਲਾਈ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

ਜੁਲਾਈ-24 **ਸਾਵਣ** ਅਗਸਤ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

ਅਗਸਤ-24 **ਭਾਦੋਂ** ਸਤੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

ਸਤੰਬਰ-24 **ਅੱਸੂ** ਅਕਤੂਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

ਅਕਤੂਬਰ-24 **ਕੱਤਕ** ਨਵੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

ਨਵੰਬਰ-24 **ਮੱਘਰ** ਦਸੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

ਦਸੰਬਰ-24 **ਪੋਹ** ਜਨਵਰੀ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

ਜਨਵਰੀ-25 **ਮਾਘ** ਫਰਵਰੀ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

ਫਰਵਰੀ-25 **ਫੱਗਣ** ਮਾਰਚ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

**ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.**

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

**ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ**

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

☛ ਗੁਰਿਆਈ ਗੱਦੀ ਧੰਨ ਸ਼੍ਰੀ ਗੁਰੂ ਹਰਿ ਰਾਇ ਸਾਹਿਬ ਜੀ ☛ ਜਨਮ ਦਿਹਾੜਾ ਬੇਬੇ ਨਾਨਕੀ ਜੀ ਗੁ: ਸੁਲਤਾਨਪੁਰ ਲੋਧੀ (ਕਪੂਰਥਲਾ) ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ਨੀਵਾਰ 6 ਅਪ੍ਰੈਲ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ

ਐਤਵਾਰ 7 ਅਪ੍ਰੈਲ 6:30 ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ ਉਪਰੰਤ 12:30 ਵਜ਼ੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਸੁਰਜੀਤ ਸਿੰਘ ਖੰਡੇਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥ ਖ਼ਾਲਸੇ ਮਹਿ ਹੌਂ ਕਰੌਂ ਨਿਵਾਸ ॥

## ਖ਼ਾਲਸੇ ਦੇ ਪ੍ਰਗਟ ਦਿਹਾੜੇ ਅਤੇ ਵਿਸਾਖੀ ਪੁਰਬ ਦੀਆਂ ਖੁਸ਼ੀਆਂ ਮਨਾਉਂਦੇ ਹੋਏ

**PBC SKY 775**

## ਦੇ ਸਟੂਡਿਓ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ

# 11,12 &13 APRIL

ਨੂੰ ਕਰਵਾਏ ਜਾਣਗੇ।

ਆਪ ਸਭ ਜੀ ਨੂੰ ਬੇਨਤੀ ਹੈ ਕੇ ਪੰਥ ਦੀਆਂ ਇਹਨਾਂ ਖੁਸ਼ੀਆਂ ਲਈ ਅਤੇ ਪੰਥ ਤੇ ਘਰ ਪਰਿਵਾਰਾਂ ਦੀ ਚੜ੍ਹਦੀਕਲਾ ਲਈ ਅਰਦਾਸ ਵਿੱਚ ਸ਼ਾਮਲ ਹੋਣ ਲਈ ਆਪਣੇ ਨਾਮ ਲਿੱਖਵਾਓ ਜੀ ।

## ਸੇਵਾਵਾਂ ਲਈ ਹੁਣੇ ਸੰਪਰਕ ਕਰੋ ਜੀ।

**0121 269 0064**

ਆਵਾਜ਼ਿ ਕੌਮ AWAZE QAUM International Newspaper & WEB TV

PBC

sky775

### ਵਿਕਾਸ ਏਜੰਡਾ ਮੇਰਾ ਮੁੱਖ ਟੀਚਾ: ਤਰਨਜੀਤ ਸਿੰਘ

# ਵਿਦੇਸ਼ਾਂ ਵਿੱਚ ਜਾ ਰਹੇ ਪੰਜਾਬੀ ਬੱਚਿਆਂ ਨੂੰ ਪੰਜਾਬ ਵਿੱਚ ਰੁਜ਼ਗਾਰ ਮੁਹੱਈਆ ਕਰਵਾਏਗਾ





**ਅੰਮ੍ਰਿਤਸਰ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਲੋਕ ਸਭਾ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਅੱਜ ਹਲਕਾ ਉੱਤਰੀ ਦੇ ਉੱਤਰੀ ਬਾਈਪਾਸ ਡਵੀਜ਼ਨ ਵਿੱਚ ਇੱਕ ਵਿਸ਼ਾਲ ਜਨ ਸਭਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਕਾਸ ਹੀ ਉਨ੍ਹਾਂ ਦਾ ਮੁੱਖ ਏਜੰਡਾ ਹੈ। ਉਹ ਵਿਕਾਸ ਦੀ ਰਾਜਨੀਤੀ ਕਰਨਗੇ ਅਤੇ ਅੰਮ੍ਰਿਤਸਰ ਵਿੱਚ ਵਿਕਾਸ ਦੀ ਅਜਿਹੀ ਲਹਿਰ ਆਵੇਗੀ ਕਿ ਇੱਥੋਂ ਪਰਵਾਸ ਕਰ ਰਹੇ ਪੰਜਾਬੀ ਬੱਚੇ ਪ੍ਰਵਾਸ ਛੱਡ ਕੇ ਆਪਣੇ ਹੀ ਇਲਾਕੇ ਵਿੱਚ ਰੁਜ਼ਗਾਰ ਪ੍ਰਾਪਤ ਕਰ ਸਕਣਗੇ। ਉੱਤਰੀ ਬਾਈਪਾਸ ਮੰਡਲ ਦੇ ਪ੍ਰਧਾਨ ਕਿਸ਼ੋਰ ਰੈਣਾ ਦੀ ਪ੍ਰਧਾਨਗੀ ਹੇਠ ਹੋਈ ਇਸ ਭਰਵੀਂ ਮੀਟਿੰਗ ਵਿੱਚ ਹਲਕਾ ਉੱਤਰੀ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਜਨਰਲ ਸਕੱਤਰ ਸਾਲੀ ਕਪੂਰ, ਅੰਮ੍ਰਿਤਸਰ ਮਹਿਲਾ ਮੋਰਚਾ ਦੀ ਪ੍ਰਧਾਨ ਸ਼ਰੂਤੀ ਵਿਜ, ਸਕੱਤਰ ਕਪਿਲ ਸ਼ਰਮਾ, ਓ.ਬੀ.ਸੀ ਮੋਰਚਾ ਦੇ ਪ੍ਰਧਾਨ ਅਰਵਿੰਦਰ ਵੜੈਚ ਸ਼ਾਮਲ ਹੋਏ। , ਰਾਜੇਸ਼ ਬੱਗਾ, ਪ੍ਰਮੋਦ ਮਹਾਜਨ, ਪ੍ਰੋ. ਵਿਜੇ ਭਨੋਟ, ਅੰਕੁਰ ਅਰੋੜਾ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

**ਸਰਹੱਦੀ ਖੇਤਰ ਵਿੱਚ ਉਦਯੋਗ ਅਤੇ ਵਪਾਰ ਦਾ ਵਿਸਥਾਰ ਕਰਕੇ ਸਰੋਤਾਂ ਵਿੱਚ ਵਾਧਾ ਕੀਤਾ ਜਾਵੇਗਾ**

ਤਰਨਜੀਤ ਸਿੰਘ ਸੰਧੂ ਨੇ ਅੰਮ੍ਰਿਤਸਰ ਦੀ ਤੁਲਨਾ ਮੱਧ ਪ੍ਰਦੇਸ਼ ਦੇ ਇੰਦੌਰ ਨਾਲ ਕਰਦੇ ਹੋਏ ਕਿਹਾ ਕਿ ਅੱਜ ਇੰਦੌਰ ਪਿਛਲੇ ਦਰਜੇ ਤੋਂ ਉੱਪਰ ਉੱਠ ਕੇ ਦੇਸ਼ ਦਾ ਸਭ ਤੋਂ ਸਾਫ਼-ਸੁਥਰਾ ਸ਼ਹਿਰ ਬਣ ਗਿਆ ਹੈ, ਜਦਕਿ ਪਿਛਲੇ 7 ਸਾਲਾਂ ਤੋਂ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਰਹੇ ਗੁਰਜੀਤ ਸਿੰਘ ਔਜਲਾ ਨੇ ਅੰਮ੍ਰਿਤਸਰ ਨੂੰ ਇਹ ਦਰਜਾ ਨਾ ਦਿਵਾ ਕੇ ਵੱਡੀ ਕੁਤਾਹੀ ਕੀਤੀ ਹੈ। ਅਮਰੀਕੀ ਕੰਪਨੀਆਂ ਵੱਲੋਂ ਭਾਰਤ ਵਿੱਚ ਆਪਣੇ ਉਦਯੋਗ ਲਗਾਉਣ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਵੱਡੀਆਂ ਕੰਪਨੀਆਂ ਇੱਥੇ ਨਿਵੇਸ਼ ਕਰਨ ਜਾ ਰਹੀਆਂ ਹਨ। ਸੈਮੀਕੰਡਕਟਰ, ਸੋਲਰ ਪਾਵਰ ਵਰਗੀਆਂ ਵੱਡੀਆਂ ਕੰਪਨੀਆਂ ਇੱਥੇ ਨਿਵੇਸ਼ ਕਰਨ ਜਾ ਰਹੀਆਂ ਹਨ। ਜਿਸ ਕਾਰਨ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਸਹੂਲਤਾਂ ਮਿਲਣਗੀਆਂ ਜਦਕਿ ਇਸ ਤੋਂ ਪਹਿਲਾਂ ਭਾਰਤ ਦੂਜੇ ਦੇਸ਼ਾਂ 'ਤੇ ਨਿਰਭਰ ਸੀ। ਉਨ੍ਹਾਂ ਕਿਹਾ ਕਿ ਵਿਸ਼ਵ ਬੈਂਕ ਦੀ ਭਵਿੱਖਬਾਣੀ ਹੈ ਕਿ ਜਿੱਥੇ ਨੌਕਰੀਆਂ ਹਨ, ਉਹ ਭਾਰਤ ਵਿੱਚ ਹਨ। ਇੱਥੋਂ ਦੇ ਸਾਧਨਾਂ ਕਾਰਨ ਵਿਕਾਸ ਦੀ ਦਰ ਹੋਰ ਤੇਜ਼ੀ ਨਾਲ ਵਧੇਗੀ। ਉਨ੍ਹਾਂ ਕਿਹਾ ਕਿ ਬਰੇਨ ਡਰੇਨ ਕਾਰਨ ਪੰਜਾਬ ਦਾ ਨੁਕਸਾਨ ਹੋ ਰਿਹਾ ਹੈ। ਇਸ ਨੂੰ ਰੋਕਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਵਿਕਾਸ ਭਾਰਤ ਵਿੱਚ ਪੰਜਾਬ ਦੇ ਅੰਮ੍ਰਿਤਸਰ ਵਿੱਚ ਹੋਣਾ ਚਾਹੀਦਾ ਸੀ ਪਰ ਅਜਿਹਾ ਨਹੀਂ ਹੋਇਆ। ਉਨ੍ਹਾਂ ਸ਼ਹਿਰ ਵਾਸੀਆਂ ਨਾਲ ਵਾਅਦਾ ਕੀਤਾ ਕਿ ਜਦੋਂ 2027 ਵਿੱਚ ਅੰਮ੍ਰਿਤਸਰ ਦੇ 450 ਸਾਲ ਪੂਰੇ ਹੋਣਗੇ ਤਾਂ ਉਹ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਇੰਦੌਰ ਨੂੰ ਮੁਕਾਬਲਾ ਦੇਣਗੇ। 2027 ਵਿੱਚ, IPL ਦੇ ਮੈਚ ਗਾਂਧੀ ਮੈਦਾਨ ਵਿੱਚ ਹੋਣਗੇ। ਅੰਮ੍ਰਿਤਸਰ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿੱਚ ਸੁਧਾਰ ਕੀਤਾ ਜਾਵੇਗਾ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਜਵਾਬਦੇਹ ਹੋਣਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨਸ਼ਿਆਂ ਦੀ ਮਾਰ ਝੱਲ ਰਿਹਾ ਹੈ। ਇੱਕ ਸ਼ਰਾਬੀ ਨੇ ਇਕ ਮਾਂ, ਭਰਜਾਈ ਅਤੇ ਬੱਚੇ ਦਾ ਕਤਲ ਕਰ ਦਿੱਤਾ, ਜਿਸ ਤੋਂ ਸਾਬਤ ਹੁੰਦਾ ਹੈ ਕਿ ਪੰਜਾਬ ਵਿੱਚ ਨਸ਼ਾ ਆਪਣੇ ਸਿਖਰ 'ਤੇ ਹੈ। ਇਸ ਨੂੰ ਖ਼ਤਮ ਕਰਨ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।

ਉਨ੍ਹਾਂ ਘਰੇਲੂ ਸਨਅਤ ਨੂੰ ਹੁਲਾਰਾ ਦੇਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਘਰੇਲੂ ਉਤਪਾਦ ਜਿਵੇਂ ਸ਼ਾਲ, ਪਾਪੜ ਵੜੀਆਂ, ਪੰਜਾਬੀ ਜੁੱਤੀਆਂ ਆਦਿ ਅਮਰੀਕਾ ਨੂੰ ਨਿਰਯਾਤ ਕੀਤੇ ਜਾਣਗੇ। ਇੱਥੇ ਲੱਖਾਂ ਦੀ ਗਿਣਤੀ ਵਿੱਚ ਪੰਜਾਬੀ ਵੱਸਦੇ ਹਨ ਜੋ ਹਮੇਸ਼ਾ ਪੰਜਾਬ ਖ਼ਾਸ ਕਰਕੇ ਅੰਮ੍ਰਿਤਸਰ ਵਿੱਚ ਬਣੀਆਂ ਇਨ੍ਹਾਂ ਚੀਜ਼ਾਂ ਦੀ ਉਡੀਕ ਕਰਦੇ ਹਨ ਅਤੇ ਅੰਮ੍ਰਿਤਸਰ ਵਾਸੀਆਂ ਨੂੰ ਇਸ ਦਾ ਸਿੱਧਾ ਲਾਭ ਹੋਵੇਗਾ। ਉਨ੍ਹਾਂ ਦੀ ਆਮਦਨ ਵਧੇਗੀ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ, ਭਗਵਾਨ ਸ੍ਰੀ ਵਾਲਮੀਕਿ ਜੀ ਤੀਰਥ ਅਤੇ ਅੰਮ੍ਰਿਤਸਰ ਵਿਖੇ ਹੋਰ ਧਾਰਮਿਕ ਸਥਾਨਾਂ ਨੂੰ ਪ੍ਰਫੁੱਲਿਤ ਕਰਕੇ ਅੰਮ੍ਰਿਤਸਰ ਨੂੰ ਵਿਸ਼ਵ ਦਾ ਨੰਬਰ ਇਕ ਸੈਲਾਨੀ ਹੱਬ ਬਣਾਇਆ ਜਾਵੇਗਾ। ਜੇਕਰ ਸ਼ਹਿਰ ਵਿੱਚ ਸੈਲਾਨੀਆਂ ਦੀ ਗਿਣਤੀ ਦੁੱਗਣੀ ਹੋ ਜਾਂਦੀ ਹੈ ਤਾਂ ਇਸ ਦਾ ਸਿੱਧਾ ਫ਼ਾਇਦਾ ਸ਼ਹਿਰ ਵਾਸੀਆਂ ਨੂੰ ਹੋਵੇਗਾ ਅਤੇ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਕਾਰੋਬਾਰਾਂ ਵਿੱਚ ਲਗਾ ਕੇ ਉਨ੍ਹਾਂ ਨੂੰ ਬਰਕਰਾਰ ਰੱਖ ਸਕਾਂਗੇ।

# ਵਿਸ਼ਵ ਸਿਹਤ ਦਿਵਸ ਮਨਾਇਆ ਗਿਆ



**ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ)** :—ਫ਼ਿਰੋਜ਼ਪੁਰ—ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਵਿਸ਼ਵ ਸਿਹਤ ਦਿਵਸ ਦੇ ਉਪਲੱਬਧ ਸਕੂਲ ਵਿਚ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦੁਆਰਾ ਚੰਗੀ ਸਿਹਤ ਦੇ ਮਹਤਵ ਅਤੇ ਇਸ ਨੂੰ ਬਣਾਈ ਰੱਖਣ ਲਈ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ ਤੇ ਨਾਅਰਾ ਲਿਖਤ (ਸਲੋਗਨ ਰਾਈਟਿੰਗ) ਸਰਗਰਮੀ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਆਪਣੀ ਕਲਾਂ ਦੇ ਮਾਧਿਅਮ ਦੁਆਰਾ ਚੰਗੇ ਜੀਵਨ ਅਤੇ ਚੰਗੀ ਸਿਹਤ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਦਿਆਰਥੀਆਂ ਦੁਆਰਾ ਚੰਗੀ ਸਿਹਤ ਲਈ ਖਾਣ ਲਈ ਚੰਗਾ ਭੋਜਨ ਲਿਆ ਕੇ ਦੂਸਰਿਆਂ ਨੂੰ ਵੀ ਪ੍ਰੇਰਿਤ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਵਿਦਿਆਰਥੀਆਂ ਨੂੰ ਦੱਸਿਆ ਕਿ ਸਾਰੇ ਵਿਸ਼ਵ ਦੇ ਲੋਕਾਂ ਨੂੰ ਸਿਹਤ ਦੇ ਪ੍ਰਤੀ ਜਾਗਰੂਕ ਕਰਨ ਲਈ ਇਹ ਦਿਨ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਾਡੇ ਰੋਜ਼ਾਨਾ ਜੀਵਨ ਦੇ ਖਾਣ—ਪਾਣ ਵਿੱਚ ਸੁਧਾਰ ਕਰਨਾ ਚਾਹੀਦਾ ਹੈ ਤਾਂ ਕਿ ਅਸੀਂ ਆਪਣੇ ਜੀਵਨ ਵਿੱਚ ਤੰਦਰੁਸਤ ਅਤੇ ਸਿਹਤਮੰਦ ਰਹਿ ਸਕਦੇ ਹਾਂ। ਉਨ੍ਹਾਂ ਕਿਹਾ ਕਿ ਇਕ ਵਿਦਿਆਰਥੀ ਦੇ ਜੀਵਨ ਵਿੱਚ ਚੰਗੀ ਸਿਹਤ ਬਹੁਤ ਮਹੱਤਵਪੂਰਨ ਹੈ, ਚੰਗੀ ਸਿਹਤ ਪ੍ਰਾਪਤ ਕਰਨ ਵਾਲਾ ਵਿਅਕਤੀ ਮਿਹਨਤ ਅਤੇ ਤਰੱਕੀ ਦੋਵੇਂ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਵਿਸ਼ਵ ਸਿਹਤ ਦਿਵਸ ਦਾ ਉਦੇਸ਼ ਇਕ ਨਿਰਪਖ ਅਤੇ ਸਿਹਤਮੰਦ ਸੰਸਾਰ ਦਾ ਨਿਰਮਾਣ ਕਰਨਾ ਹੈ। ਉਨ੍ਹਾਂ ਦੁਆਰਾ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਸਕੂਲ ਦੇ ਸਾਰੇ ਅਧਿਆਪਕਾਂ ਦੇ ਯੋਗਦਾਨ ਦੀ ਵੀ ਸ਼ਲਾਘਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਲਿਸ ਮੁਲਾਜਮਾਂ ਦੀਆਂ ਗਲਤੀਆਂ ਦੀ ਹੋਣੀ ਚਾਹੀਦੀ ਸਖਤ ਸਜ਼ਾ : ਡਾ ਦਲੇਰ ਸਿੰਘ ਮੁਲਤਾਨੀ



**ਚੌਕ ਮਹਿਤਾ, 5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿੱਥੇ ਇਨਸਾਫ਼ ਦੀ ਪਹਿਲੀ ਪੌੜੀ ਸ਼ੱਕ ਦੇ ਘੇਰੇ ਵਿੱਚ ਹੋਵੇ ਉੱਥੇ ਪੂਰਾ ਇਨਸਾਫ ਮਿਲਣਾ ਬਹੁਤ ਮੁਸ਼ਕਿਲ। ਛੋਟੇ ਹੁੰਦਿਆਂ ਦੇਖਿਆ ਸੀ ਕਿ ਪਿੰਡਾਂ ਵਿੱਚ ਆਮ ਲੋਕ ਕੋਠਿਆਂ ਤੇ ਸੌਂਦੇ ਸਨ ਤੇ ਪੌੜੀਆਂ ਵੀ ਬਹੁਤੇ ਘਰਾਂ ਵਿੱਚ ਲੱਕੜ ਦੀਆਂ ਹੁੰਦੀਆਂ ਸਨ । ਜੇਕਰ ਪੌੜੀ ਦਾ ਪਹਿਲਾ ਸਟੈਪ ਹੀ ਟੁੱਟ ਜਾਂਦਾ ਸੀ ਤਾਂ ਕੋਠੇ ਤੇ ਚੜ੍ਹਣਾ ਆਮ ਜੀਅ ਲਈ ਮੁਸ਼ਕਲ ਹੋ ਜਾਂਦਾ ਤੇ ਬਜ਼ੁਰਗ ਤਾਂ ਬਿਲਕੁਲ ਨਹੀਂ ਚੜ੍ਹ ਸਕਦੇ ਸਨ ਇਹਨਾ ਸ਼ਬਦਾਂ ਦਾ ਪ੍ਰਗਟਾਵਾ ਡਾ ਦਲੇਰ ਸਿੰਘ ਮੁਲਤਾਨੀ ਰਿਟਾ ਸਿਵਲ ਸਰਜਨ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ ਉਹਨਾਂ ਕਿਹਾ ਕਿ ਅੱਜ ਕੱਲ ਨਿਆਂ ਦੀ ਪਹਿਲੀ ਪੌੜੀ ਦਾ ਪਹਿਲਾ ਸਟੈਪ ਟੁੱਟ ਗਿਆ ਜਾਂ ਬਹੁਤਾ ਹੀ ਨਰਮ ਤੇ ਚੜਣ ਲੱਗਿਆਂ ਡਰ ਲੱਗਦਾ ਮੇਰਾ ਕਹਿਣ ਤੋਂ ਮਤਲਬ ਕਿ ਨਿਆਂ ਦੀ ਪਹਿਲੀ ਪੌੜੀ ਹੈ ਪੁਲਿਸ। ਪਰ ਪੁਲਿਸ ਸਟੇਸ਼ਨ ਦੇ ਅੰਦਰ ਵੜਣ ਲੱਗਿਆਂ ਹੀ ਡਰ ਲੱਗਦਾ । ਇੱਥੋਂ ਤੱਕ ਕਿ ਤੁਰੇ ਜਾਂਦੇ ਵੀ ਜੇਕਰ ਕੋਈ ਪੁਲਿਸ ਵਰਦੀ ਵਾਲਾ ਆਵਾਜ ਮਾਰ ਲਵੇ ਤਾਂ ਕਹਿੰਦੇ ਪਤਾ ਨਹੀਂ ਕਿਹੜੀ ਮੁਸੀਬਤ ਖੜੀ ਕਰ ਦੇਣੀ ਇਸ ਪੁਲਿਸ ਵਾਲੇ ਨੇ। ਭਾਵੇਂ ਮੰਨਣਾ ਪਵੇਗਾ ਕਿ ਪੁਲਿਸ ਦਾ ਡਰ ਹੀ ਹੈ ਜਿਸ ਕਰਕੇ ਕਈ ਲੁੱਟਾਂ ਖੋਹਾਂ ਤੋਂ ਬਚ ਜਾਂਦੇ ਤੇ ਸ਼ਾਇਦ ਰਾਤ ਦੀ ਨੀਂਦ ਵੀ ਆ ਜਾਂਦੀ। ਪਰ ਜੋ ਅੱਜ ਕੱਲ ਇਨਸਾਫ ਦੀ ਪਹਿਲੀ ਪੌੜੀ ਦੀ ਹਾਲਤ ਉਸ ਬਾਰੇ ਗੱਲ ਕਰਨੀ ਤਾਂ ਬਣਦੀ ਜਿਵੇਂ ਕੁਝ ਪੁਲਿਸ ਮੁਲਾਜ਼ਮਾਂ ਦੀ ਬੋਲੀ ਠੀਕ ਨਹੀ ਕੁਝ ਪੁਲਿਸ ਮੁਲਾਜ਼ਮ ਕਨੂੰਨ ਨਹੀਂ ਵਰਦੀ ਦਾ ਦਬਾਅ ਵਰਤਦੇ ਕੁਝ ਪੁਲਿਸ ਮੁਲਾਜ਼ਮ ਰਿਸ਼ਵਤ ਵਿਚ ਰੱਜ ਕੇ ਡੁੱਬੇ ਹੋਏ ਕੁਝ ਪੁਲਿਸ ਮੁਲਾਜ਼ਮ ਜਾਅਲੀ ਪਰਚਿਆਂ ਦਾ ਦਬਾਅ ਪਾਉਂਦੇ।

ਆਵਾਜ਼ਿ ਕੌਮ AWAZE QAUM International Newspaper & WEB TV

ਕੁਝ ਪੁਲਿਸ ਮੁਲਾਜ਼ਮ ਸਿਆਸੀ ਦਬਾ ਥੱਲੇ ਕੰਮ ਕਰਦੇ ਕੁਝ ਪੁਲਿਸ ਮੁਲਾਜ਼ਮ ਅਪਣੇ ਕੰਮ ਦੇ ਮਾਹਰ ਨਹੀਂ ਕੁਝ ਪੁਲਿਸ ਮੁਲਾਜ਼ਮਾਂ ਦਾ ਅਤਿਵਾਦ ਸਮੇਂ ਦਾ ਰੰਗ ਨਹੀਂ ਉਤਰਿਆ ਜੋ ਵੀ ਹੈ ਜੇ ਇਨਸਾਫ਼ ਦੀ ਪਹਿਲੀ ਪੌੜੀ ਨੂੰ ਪੱਕਾ ਸੱਚਾ ਬਣਾਉਣਾ ਤਾਂ ਕੁਝ ਸੁਝਾਅ ਹਨ ਜਿਵੇਂ ਪੁਲਿਸ ਮਹਿਕਮੇ ਵਿੱਚ ਵੱਡੀ ਭਰਤੀ ਦੀ ਜ਼ਰੂਰਤ ਸਿਆਸੀ ਨੇਤਾਵਾਂ ਦੀ ਸੁਰੱਖਿਆ ਦਾ ਕੈਡਰ ਆਮ ਥਾਣਿਆਂ ਦੇ ਕੈਡਰ ਤੋਂ ਵੱਖਰਾ ਹੋਣਾ ਚਾਹੀਦਾ ਪੁਲਿਸ ਮੁਲਾਜ਼ਮਾਂ ਨੂੰ ਕਨੂੰਨ ਬਾਰੇ ਜ਼ਿਆਦਾ ਜਾਣਕਾਰੀ ਦਿਓ ਕਿਉਂਕਿ ਪੁਲਿਸ ਦਾ ਪੜਤਾਲ ਕਰਨ ਦਾ ਤਰੀਕਾ ਬਹੁਤੇ ਕੇਸਾਂ ਵਿੱਚ ਧੱਕੇ ਵਾਲਾ ਹੈ ਪੁਲਿਸ ਉੱਤੋਂ ਸਿਆਸੀ ਕੰਟਰੋਲ ਖਤਮ ਹੋਣਾ ਚਾਹੀਦਾ ਪੁਲਿਸ ਮੁਲਾਜ਼ਮਾਂ ਦੀਆਂ ਡਿਊਟੀਆਂ ਦਾ ਸਮਾਂ ਨਿਸਚਤ ਕਰੋ ਪੁਲਿਸ ਮੁਲਾਜ਼ਮਾਂ ਨੂੰ ਲੋਕਾਂ ਦੀ ਮਦਦ ਕਰਨਾ ਸਿਖਾਉਣਾ ਚਾਹੀਦਾ ਨਾ ਕਿ ਡਰਾਉਣਾ ਪੁਲਿਸ ਦੇ ਦਫ਼ਤਰਾਂ ਅਤੇ ਆਵਾਜਾਈ ਦਾ ਬਜਟ ਵਧਾਉਣਾ ਚਾਹੀਦਾ ਤਾਂ ਕਿ ਪੁਲਿਸ ਹਰ ਕੰਮ ਲਈ ਜਨਤਾ ਤੇ ਭਾਰ ਨਾ ਪਾਵੇ ਪੁਲਿਸ ਮੁਲਾਜ਼ਮਾਂ ਦੀਆਂ ਗਲਤੀਆਂ ਦੀ ਸਖ਼ਤ ਸਜਾ ਹੋਣੀ ਚਾਹੀਦੀ ਕਿਉਂਕਿ ਪੁਲਿਸ ਦੇ ਸਤਾਇਆਂ ਨੇ ਕਈ ਨੌਜਵਾਨਾਂ ਦੀਆਂ ਜ਼ਿੰਦਗੀਆਂ ਖਰਾਬ ਕੀਤੀਆਂ ਪੰਜਾਬ ਸਰਕਾਰ ਹੋਸ਼ ਕਰੋ ਮੁਫਤਖੋਰੀ ਦੀ ਥਾਂ ਮਹਿਕਮਿਆਂ ਵਿੱਚ ਰੁਜ਼ਗਾਰ ਦੇਵੋ ਤੇ ਇੱਜ਼ਤ ਦੀ ਜ਼ਿੰਦਗੀ ਜਿਉਣ ਦਿਓ।

## ਬੇਟੀ ਬਚਾਓ ਬੇਟੀ ਪੜਾਓ, ਪਾਣੀ ਬਚਾਓ, ਰੁੱਖ ਲਗਾਓ, ਵਾਤਾਵਰਣ ਨੂੰ ਸਵੱਛ ਬਣਾਓ ਅਭਿਆਨ ਨੂੰ ਕਾਮਯਾਬ ਬਣਾਓ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ) :— ਅੱਜ ਸਰਕਾਰੀ ਪ੍ਰਾਇਮਰੀ ਸਕੂਲ ਕੁੰਦਨਪੁਰੀ ਵਿਖੇ ਮੁੱਖ ਸਮਾਜ ਸੇਵਕ ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਮਾਜ ਸੁਧਾਰਕ ਸ੍ਰੀ ਪੀ.ਸੀ ਕੁਮਾਰ ਨੇ ਪਹੁੰਚ ਕੇ ਬੱਚਿਆਂ ਨਾਲ ਕੀਤੀਆਂ ਵਿਚਾਰਾਂ। ਇਸ ਮੌਕੇ ਉਨ੍ਹਾਂ ਬੱਚਿਆਂ, ਅਧਿਆਪਕਾਂ ਅਤੇ ਮਾਪਿਆਂ ਨੂੰ ਸੰਬੋਧਨ ਕਰਦੇ ਹੋਏ ਨਵੇਂ ਸੈਸ਼ਨ ਦੀ ਸ਼ੁਰੂਆਤ ਤੇ ਸਭ ਨੂੰ ਅਸ਼ੀਰਵਾਦ ਦਿੱਤਾ ਅਤੇ ਨਾਲ ਹੀ ਇੱਛਾ ਪ੍ਰਗਟ ਕੀਤੀ ਕਿ ਅਸੀਂ ਮਾਂ—ਪਿਓ ਦੇ ਅੱਛੇ ਬੱਚੇ, ਸਕੂਲ ਦੇ ਵਧੀਆ ਵਿਦਿਆਰਥੀ

ਆਵਾਜ਼ਿ ਕੌਮ AWAZE QAUM International Newspaper & WEB TV

ਅਤੇ ਸਮਾਜ ਦੇ ਚੰਗੇ ਨਾਗਰਿਕ ਬਣ ਇਕ ਸਰੀਰਕ ਤੌਰ ਤੇ ਤੰਦਰੁਸਤ ਮਾਨਸਿਕ ਤੌਰ ਤੇ ਖੁਸ਼ ਅਤੇ ਸਮਾਜਿਕ ਤੌਰ ਤੇ ਜਿੰਮੇਵਾਰ ਨਾਗਰਿਕ ਬਣ ਕੇ ਪੂਜਨੀਆ ਪ੍ਰਧਾਨ ਮੰਤਰੀ ਜੀ ਵੱਲੋਂ ਜ਼ੋ ਮਨ ਦੀ ਬਾਤ, ਬੇਟੀ ਬਚਾਓ ਬੇਟੀ ਪੜਾਓ, ਰੁੱਖ ਲਗਾਓ, ਪਾਣੀ ਬਚਾਓ ਅਭਿਆਨ ਨੂੰ ਸਵੱਛ ਭਾਰਤ ਨੂੰ ਅਮਲੀ ਜਾਮਾ ਪਹੁੰਚਾਉਣ ਲਈ ਪਾਸ ਹੋਣ ਤੇ ਸਾਰਿਆਂ ਵੱਲੋਂ ਇਕ—ਇਕ ਰੁੱਖ ਲਗਾਉ, ਵਾਤਾਵਰਣ ਸ਼ੁੱਧ ਬਣਾਓ ਤੇ ਚਲਣ ਦਾ ਪ੍ਰਣ ਲਿਆ। ਇਸ ਦੇ ਨਾਲ ਹੀ ਰੱਖੋ ਤਨ ਦੀ ਸਫਾਈ, ਮਨ ਦੀ ਸਫਾਈ, ਆਲੇ—ਦੁਆਲੇ ਦੀ ਸਫਾਈ ਨੂੰ ਘਰ, ਸਕੂਲ ਅਤੇ ਸਮਾਜ ਨੂੰ ਸਵੱਛ ਬਣਾਉਣ ਦਾ ਅਭਿਆਨ ਚਲਾ ਕੇ ਸਭ ਨੇ ਸਰਵਪੱਖੀ ਵਿਕਾਸ ਅਤੇ ਅਮਲੀ ਤੌਰ ਤੇ ਕਾਮਯਾਬ ਕੀਤਾ। ਅੱਗੇ ਤੋਂ ਵੀ ਇਸੇ ਤਰ੍ਹਾਂ ਹੀ ਹਰ ਹਫਤੇ ਅਮਲ ਕਰਨ ਦਾ ਪ੍ਰਣ ਲਿਆ। ਅੰਤ ਵਿਚ ਸਕੂਲ ਦੇ ਸੈਂਟਰ ਹੈਡ ਅਧਿਆਪਕ ਕੁਲਦੀਪ ਕੁਮਾਰ ਨੇ ਆਏ ਹੋਏ ਮੁੱਖ ਮਹਿਮਾਨ ਅਤੇ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਨਾਲ ਹੀ ਇਸੇ ਤਰ੍ਹਾਂ ਬੱਚਿਆਂ ਦੇ ਮਾਰਗਦਰਸ਼ਨ ਕਰਨ ਦੀ ਇੱਛਾ ਪ੍ਰਗਟ ਕੀਤੀ ਅਤੇ ਹਰ ਬੱਚੇ ਨੂੰ ਇਕ—ਇਕ ਰੁੱਖ ਲਗਵਾਉਣ ਲਈ ਉਤਸ਼ਾਹਿਤ ਕੀਤਾ।



## ਵਰ੍ਹੇਗੰਢ ਮੁਬਾਰਕ

ਪਰਮਜੀਤ ਸਿੰਘ ਰੰਧਾਵਾ ਵਾਸੀ ਪਿੰਡ ਚੰਨਣਕੇ ਅੰਮ੍ਰਿਤਪਾਲ ਕੌਰ ਨੇ ਆਪਣੇ ਵਿਆਹ ਦੀ ਦੂਜੀ ਵਰ੍ਹੇਗੰਢ ਮਨਾਈ।

ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ, ਯੂ. ਕੇ.

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੀਨੀਅਰ ਵਸੀਕਾ ਨਵੀਸ ਅਸ਼ੋਕ ਚੁੱਘ ਨੇ

# ਸਰਬੱਤ ਦੇ ਭਲੇ ਲਈ ਕਰਵਾਇਆ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ





**ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ)** :— ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਚ ਸ੍ਰੀ ਅਸ਼ੋਕ ਕੁਮਾਰ ਚੁੱਧ ਸੀਨੀਅਰ ਵਸੀਕਾ ਨਵੀਸ ਅਤੇ ਮੀਤ ਪ੍ਰਧਾਨ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਸਮਾਗਮ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ, ਜਿਸ ਵਿਚ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਦੇ ਡਾ: ਦੀਵਾਨ ਚੰਦ ਸੁਖੀਜਾ, ਪ੍ਰਧਾਨ ਕਿਸ਼ਨ ਚੰਦ ਜਾਗੋਵਾਲੀਆ, ਮੀਤ ਪ੍ਰਧਾਨ ਅਸ਼ੋਕ ਚੁੱਘ, ਮਨੋਹਰ ਲਾਲ ਪੱਤਰਕਾਰ, ਬਾਬਾ ਦਵਿੰਦਰ ਸਿੰਘ, ਕੁਲਦੀਪ ਸਿੰਘ ਐਡਵੋਕੇਟ ਵਸੀਕਾ ਨਵੀਸ, ਮੈਡਮ ਪੂਨਮ ਵਿੱਜ ਵਕੀਲ ਨੋਟਰੀ ਪਬਲਿਕ, ਤਰਲੋਕ ਪਾਇਲਟ ਨੰਬਰਦਾਰ ਫ਼ਿਰੋਜ਼ਪੁਰ ਛਾਉਣੀ, ਰਮਨ ਸੇਠੀ ਅਸ਼ਟਾਮ ਫਰੋਸ਼, ਵਿਸ਼ਾਲ ਧਵਨ, ਗੌਰਵ ਗੋਲਡ ਨੰਬਰਦਾਰ, ਠੇਕੇਦਾਰ ਮੁਨੀਸ਼ ਕੁਮਾਰ ਬਬਲਾ, ਨਰਿੰਦਰ ਬਜਾਜ ਵਸੀਕਾ ਨਵੀਸ, ਪਰੇਮ ਪਾਲ ਭੱਲਾ, ਤਰਲੋਕ ਸਿੰਘ ਖਾਲਸਾ ਗੁਰਦੁਆਰਾ, ਰਮੇਸ਼ ਠਾਕੁਰ, ਰਵਿੰਦਰ ਚੁੱਘ ਭਰਾ, ਪ੍ਰਵੀਨ ਸਚਦੇਵਾ, ਨੀਰੂ ਸਚਦੇਵਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਸ੍ਰੀ ਅਸ਼ੋਕ ਕੁਮਾਰ ਚੁੱਘ ਨੇ ਆਏ ਹੋਏ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਗੁਰੂ ਕਾ ਲੰਗਰ, ਚਾਹ, ਠੰਡੇ ਦਾ ਲੰਗਰ ਅਤੁੱਟ ਵਰਤਾਇਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪਾਕਿ ਗੁਰਧਾਮਾਂ ਦੇ ਦਰਸ਼ਨ ਲਈ 13 ਨੂੰ ਜਾਵੇਗਾ ਜਥਾ—ਭੁੱਲਰ

**ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ)** :— ਪਾਕਿ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀ ਸੰਗਤ ਦਾ ਵਿਸਾਖੀ ਵਾਲਾ ਜਥਾ ਪਾਕਿਸਤਾਨ ਵਿਖੇ 13 ਅਪ੍ਰੈਲ ਨੂੰ ਜਾਵੇਗਾ ਅਤੇ ਇਹ ਜਥਾ 3 ਹਜ਼ਾਰ ਦਾ ਹੋਵੇਗਾ। ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਪੱਤਰਕਾਰਾਂ ਨੂੰ ਦਸਦੇ ਹੋਏ ਆਖਿਆ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਜੋੜ ਮੇਲਾ ਸਬੰਧੀ ਜਥਾ 8 ਜੂਨ ਪਾਕਿ ਜਾਵੇਗਾ ਅਤੇ 17 ਜੂਨ ਵਾਪਸ ਪਰਤ ਆਵੇਗਾ ਅਤੇ ਸ਼ੇਰੇ ਪੰਜਾਬ ਮਹਾਰਾਜ ਰਣਜੀਤ ਸਿੰਘ ਜੀ ਦੀ ਬਰਸੀ ਦਾ ਜਥਾ 21 ਜੂਨ ਨੂੰ ਪਾਕਿ ਜਾਵੇਗਾ, ਜੋ 30 ਨੂੰ ਵਾਪਸ ਪਰਤਤ ਆਵੇਗਾ। ਉਨ੍ਹਾਂ ਕਿਹਾ ਕਿ ਯਾਤਰੀ ਆਪਣੇ ਪਾਸਪੋਰਟ ਇਨ੍ਹਾਂ ਦੋ ਜਥਿਆਂ ਲਈ 20 ਜੂਨ ਤੱਕ ਬਗਦਾਦੀ ਗੇਟ ਫ਼ਿਰੋਜ਼ਪੁਰ ਵਿਖੇ ਸੁਸਾਇਟੀ ਦੇ ਦਫਤਰ ਵਿਚ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਬਾਅਦ ਪਾਸਪੋਰਟ ਜਮ੍ਹਾਂ ਨਹੀਂ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਯਾਤਰੀ ਆਪਣੇ ਪਾਸਪੋਰਟ ਸਮੇਤ ਦੋ ਫੋਟੋ ਅਤੇ ਇਕ ਆਧਾਰ ਕਾਰਡ ਦੀ ਕਾਪੀ ਨਾਲ ਲੈ ਕੇ ਆਉਣ ਅਤੇ ਕਿਸੇ ਤਰ੍ਹਾਂ ਦੀ ਜਾਣਕਾਰੀ ਲਈ ਉਨ੍ਹਾਂ ਦੇ ਮੋਬਾਇਲ ਨੰਬਰ 9814511007 ਤੇ ਗੱਲਬਾਤ ਕਰ ਸਕਦੇ ਹਨ।

# ਸੀਨੀਅਰ ਸਿਟੀਜਨ ਕੌਂਸਲ ਦੀ ਮੀਟਿੰਗ ਵਿਚ ਨਜਾਇਜ਼ ਵਧਾਇਗਾ ਪਾਣੀ ਤੇ ਸੀਵਰ ਦੇ ਬਿੱਲਾਂ ਵਿਰੁੱਧ ਸੰਘਰਸ਼ ਕਰਨ ਦਾ ਫੈਸਲਾ



ਫ਼ਿਰੋਜ਼ਪੁਰ, 6 ਅਪ੍ਰੈਲ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਕੌਂਸਲ ਵੱਲੋਂ ਬੁਲਾਈ ਗਈ ਮੀਟਿੰਗ ਵਿੱਚ ਸਰਬ ਸੰਮਤੀ ਨਾਲ ਫੈਸਲਾ ਹੋਇਆ ਕਿ ਫਿਰੋਜ਼ਪੁਰ ਸ਼ਹਿਰ ਵਿੱਚ ਪਾਣੀ ਤੇ ਸੀਵਰੇਜ ਦੇ ਵਧਾਏ ਹੋਏ ਬਿੱਲਾਂ ਨੂੰ ਸਰਕਾਰ ਦੇ ਆਦੇਸ਼ਾਂ ਮੁਤਾਬਿਕ ਕਰਾਉਣ ਲਈ ਸੰਘਰਸ਼ ਕੀਤਾ ਜਾਵੇਗਾ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਕੌਂਸਲ ਦੇ ਜਨਰਲ ਸਕਤਰ ਸਵਰਨ ਸਿੰਘ ਸੁਹਾਣਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਜਿੱਥੇ ਸੀਨੀਅਰ ਸਿਟੀ ਕੌਂਸਲ ਦੇ ਅਧਿਕਾਰੀ ਅਤੇ ਮੈਂਬਰ ਸ਼ਾਮਿਲ ਹੋਏ ਉੱਥੇ ਕਈ ਐਨ.ਜੀ.ਓ ਦੇ ਪ੍ਰਧਾਨ ਤੇ ਸਕੂਲਾਂ ਦੇ ਪ੍ਰਿੰਸੀਪਲ ਵੀ ਸ਼ਾਮਿਲ ਹੋਏ। ਇਸ ਮੀਟਿੰਗ ਵਿੱਚ ਪੱਤਰਕਾਰ ਅਸ਼ੋਕ ਭਾਰਦਵਾਜ ਵੱਲੋਂ ਦੱਸਿਆ ਗਿਆ ਕਿ ਉਹਨਾਂ ਨੇ ਆਪਣੇ ਬਿਲ ਸਬੰਧੀ ਬੋਰਡ ਦੇ ਦਫਤਰ ਵਿੱਚ ਜਾਣਕਾਰੀ ਲੈਣ ਲਈ ਸੰਪਰਕ ਕੀਤਾ ਜਿਸ ਕਾਰਨ ਉਸ ਨਾਲ ਭੱਦਾ ਵਿਵਹਾਰ ਕੀਤਾ ਗਿਆ। ਉਨ੍ਹਾਂ ਨੇ ਬਿੱਲਾਂ ਨੂੰ ਵਧਾਏ ਜਾਣ ਸਬੰਧੀ ਪੱਤਰ ਦੀ ਘੋਰ ਨਿੰਦਾ ਕੀਤੀ। ਸ੍ਰੀ ਚਰਨ ਦਾਸ ਬੇਰੀ, ਸੂਰਜ ਪ੍ਰਕਾਸ਼ ਰਿਟਾਇਰਡ ਐਸ.ਡੀ.ਓ, ਚਰਨ ਦਾਸ ਬੇਰੀ, ਹਰੀ ਚੰਦ ਚੋਪੜਾ, ਦਾਸ ਕੁਮਾਰ ਗੁਲਾਟੀ ਪ੍ਰਿੰਸੀਪਲ ਐਸ.ਡੀ ਸੀਨੀਅਰ ਸੈਕੰਡਰੀ ਸਕੂਲ ਰਿਟਾਇਰਡ ਪ੍ਰਿੰਸੀਪਲ ਅਸ਼ੋਕ ਸ਼ਰਮਾ ਐਚ.ਐਮ.ਸੀਨੀਅਰ ਸਕੈਡੰਗੀ ਸਕੂਲ, ਮੋਹਨ ਸਿੰਘ ਰਿਟਾਇਰਡ ਸਰਕਲ ਹੈਡ ਡਰੋਪਸਮੈਨ, ਐਨ.ਜੀ.ਓ ਕੁਆਰਡੀਨੇਸ਼ਨ ਕਮੇਟੀ ਦੇ ਪ੍ਰਧਾਨ ਗੋਗੀਆ ਅਤੇ ਹੋਰ ਅਹੁਦੇਦਾਰਾਂ ਵੱਲੋਂ ਆਪਣੇ—ਆਪਣੇ ਵਿਚਾਰ ਰੱਖੇ ਗਏ ਅਤੇ ਸਭ ਨੇ ਇਹ ਵਧਾਏ ਹੋਏ ਬਿੱਲਾ ਦੀ ਨਿਖੇਦੀ ਕੀਤੀ ਅਤੇ ਸੰਘਰਸ਼ ਵਿੱਚ ਸਹਿਯੋਗ ਦੇਣ ਦੀ ਗੱਲ ਕੀਤੀ। ਸੀਨੀਅਰ ਸਿਟੀ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਨੇ ਆਏ ਹੋਏ ਅਹੁਦੇਦਾਰਾਂ ਦਾ ਸਵਾਗਤ ਕਰਦੇ ਹੋਏ ਦੱਸਿਆ ਕਿ ਕੌਂਸਲ ਵੱਲੋਂ ਕਿਸੇ ਵੀ ਐਨ.ਜੀ.ਓ ਤੋਂ ਵਧਾਏ ਹੋਏ ਬਿੱਲਾਂ ਸਬੰਧੀ ਸੰਘਰਸ਼ ਲਈ ਕੋਈ ਪੈਸਾ ਸਹਿਯੋਗ ਵਜੋਂ ਨਹੀਂ ਲਿਆ ਜਾਵੇਗਾ ਅਤੇ ਸਾਰਿਆਂ ਦੇ ਸਹਿਯੋਗ ਨਾਲ ਵਧਾਏ ਗਏ ਬਿੱਲਾਂ ਨੂੰ ਸਰਕਾਰ ਤੇ ਆਦੇਸ਼ਾਂ ਅਨੁਸਾਰ ਕਰਾਉਣ ਲਈ ਪੁਰਜੋਰ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਰਕਾਰ ਅਨੁਸਾਰ 10 ਮਰਲੇ ਤੱਕ ਸਿਰਫ 50 ਮਹੀਨਾ ਬਿੱਲ ਲੈਣ ਦੇ ਆਦੇਸ਼ ਦਿੱਤੇ ਗਏ ਸਨ ਜਦੋਂ ਕਿ ਸੀਵਰੇਜ ਬੋਰਡ ਫਿਰੋਜ਼ਪੁਰ ਵਲੋਂ 230 ਮਹੀਨਾ ਵਸੂਲੇ ਜਾ ਰਹੇ ਹਨ, ਇਸੇ ਤਰ੍ਹਾਂ ਹੀ ਸੀਵਰੇਜ ਦੇ 105 ਰੁਪਏ ਦੀ ਬਜਾਏ 230 ਰੁਪਏ ਲਏ ਜਾ ਰਹੇ ਹਨ, ਜਿਹੜੇ ਕਿ ਸਰਾਸਰ ਗਲਤ ਹਨ ਅਤੇ ਕਾਨੂੰਨ ਅਤੇ ਨਿਯਮਾਂ ਦੇ ਵਿਰੁੱਧ ਹਨ। ਉਨ੍ਹਾਂ ਦਸਿਆ ਕਿ ਭਰੋਸੇਯੋਗ ਵਸੀਲਿਆਂ ਤੋਂ ਪਤਾ ਲਗਾ ਹੈ ਕਿ ਪੰਜਾਬ ਦੀਆਂ ਦੂਜੇ ਸ਼ਹਿਰਾਂ ਵਿਚ ਜਿਵੇਂ ਕਿ ਫ਼ਾਜਿਲਕਾ, ਜਲਾਲਾਬਾਦ, ਗੁਰੂਹਰਸਾਏ, ਤਲਵੰਡੀ ਭਾਈ, ਜ਼ੀਰਾ, ਮੋਗਾ ਤੇ ਹੋਰ ਵੀ ਆਸੇ—ਪਾਸੇ ਸ਼ਹਿਰਾਂ ਵਿਚ ਸਿਰਫ 50 ਰੁਪਏ ਬਿੱਲ ਲਿਆ ਜਾ ਰਿਹਾ ਹੈ, ਜਦੋਂ ਕਿ ਫਿਰੋਜਪੁਰ ਵਿੱਚ 230 ਮਹੀਨਾ ਲਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਫਿਰੋਜ਼ਪੁਰ ਕੰਟੋਨਮੈਂਟ ਬੋਰਡ ਵੱਲੋਂ ਇਸ ਤੋਂ ਵੀ ਘੱਟ ਬਿਲ ਲਏ ਜਾ ਰਹੇ ਹਨ। ਇਸੇ ਤਰ੍ਹਾਂ ਸਕੂਲਾਂ ਤੋਂ 3000 ਰੁਪਏ ਮਹੀਨਾ ਕਾਲਜਾਂ ਤੋਂ 5000 ਮਹੀਨਾ ਹੋਟਲਾਂ ਅਤੇ ਰੈਸਟੋਰੈਂਟ ਤੋਂ 6000 ਮਹੀਨਾ ਅਤੇ ਸਰਵਿਸ ਸੈਂਟਰ ਆਦਿ ਤੋਂ 8000 ਤਾਂ ਮਹੀਨਾ ਲਿਆ ਜਾ ਰਿਹਾ ਹੈ। ਜੋ ਕਿ ਸਰਾਸਰ ਗਲਤ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜਨ ਕੌਂਸਲ ਸਾਰਿਆਂ ਦੇ ਸਹਿਯੋਗ ਨਾਲ ਇਹਨਾਂ ਬਿਲਾਂ ਨੂੰ ਵਾਪਸ ਕਰਾਉਣ ਲਈ ਉਪਰਾਲੇ ਕਰੇਗੀ। ਉਹਨਾਂ ਨੇ ਦੱਸਿਆ ਕਿ ਅਗਲੇ ਹਫਤੇ ਇੱਕ ਜੁਆਇੰਟ ਐਕਸ਼ਨ ਕਮੇਟੀ ਦਾ ਗਠਨ ਕੀਤਾ ਜਾਏਗਾ ਜਿਹੜੀ ਸੰਘਰਸ਼ ਦੀ ਰੂਪ ਰੇਖਾ ਤਿਆਰ ਕਰੇਗੀ। ਅੰਤ ਵਿੱਚ ਉਹਨਾਂ ਨੇ ਆਏ ਹੋਏ ਸਮੂਹ ਕਾਰਜਕਾਰਨੀ ਅਧਿਕਾਰੀਆਂ ਮੈਂਬਰਾਂ ਐਨ.ਜੀ.ਓ, ਐਨ.ਜੀ.ਓ ਕੋਆਰਡੀਨੇਟਸ ਕਮੇਟੀ, ਸਕੂਲ ਪ੍ਰਿੰਸੀਪਲਾਂ ਦਾ ਇਥੇ ਆਉਣ ਤੇ ਧੰਨਵਾਦ ਕੀਤਾ ਅਤੇ ਉਨ੍ਹਾਂ ਵੱਲੋਂ ਇਸ ਸੰਘਰਸ਼ ਵਿਚ ਆਪਣਾ ਯੋਗਦਾਨ ਪਾਉਣ ਦੀ ਸ਼ਲਾਘਾ ਵੀ ਕੀਤੀ। ਸ੍ਰੀ ਪੀ.ਡੀ ਸ਼ਰਮਾ ਨੇ ਦੱਸਿਆ ਕਿ ਫਿਰੋਜ਼ਪੁਰ ਪ੍ਰੈਸ ਸੀਵਰ ਤੇ ਪਾਣੀ ਦੇ ਇਹਨਾਂ ਬਿੱਲਾਂ ਨੂੰ ਘਟਾਉਣ ਵਿੱਚ ਵਿਸ਼ੇਸ਼ ਸਹਿਯੋਗ ਦੇ ਰਹੀ ਹੈ, ਉਨ੍ਹਾਂ ਨੇ ਸੀਨੀਅਰ ਕੌਂਸਲ ਫਿਰੋਜ਼ਪੁਰ ਵੱਲੋਂ ਸਮੂਹ ਪ੍ਰੈਸ ਰਿਪੋਰਟਰ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ।




## ਮਾਤਾ ਗੁਰਦਿਆਲ ਕੌਰ ਸੰਧੂ ਮਾਣੂੰਕੇ ਦੀ ਅੰਤਿਮ ਯਾਤਰਾ ਮੌਕੇ ਵੱਡੀ ਗਿਣਤੀ ਵਿੱਚ

# ਇਕੱਤਰ ਗੁਰਸੰਗਤਾਂ ਨੇ ਸੇਜਲ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

## ਕਾਂਗਰਸ ਦੇ ਸੀਨੀਅਰ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ ਅਤੇ ਹਲਕਾ ਪੱਟੀ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਨੇ ਇਕੱਤਰ ਸੰਗਤਾਂ ਦਾ ਕੀਤਾ ਧੰਨਵਾਦ









ਜਗਰਾਉਂ -(ਵਰਿਆਮ ਹਠੂਰ) ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਗੁਰਜਿੰਦਰ ਸਿੰਘ ਬਿੱਟੂ ਮਾਣੂੰਕੇ, ਗੁਰਸ਼ਰਨ ਸਿੰਘ ਕੈਨੇਡਾ, ਅਤੇ ਭੈਣ ਪਰਮਜੀਤ ਕੌਰ ਗਿੱਲ ਦੇ ਸਤਿਕਾਰਯੋਗ ਮਾਤਾ ਅਤੇ ਹਲਕਾ ਪੱਟੀ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਦੇ ਸੱਸ ਮਾਤਾ ਗੁਰਦਿਆਲ ਕੌਰ ਜੋ ਬੀਤੇ ਦਿਨੀਂ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੇ ਵੱਡੇ ਬੇਟੇ ਅਤੇ ਹੋਰ ਪਰਿਵਾਰਕ ਮੈਂਬਰਾਂ ਦੇ ਬਾਹਰਲੇ ਮੁਲਕ ਤੋਂ ਆਉਣ ਤੋਂ ਬਾਅਦ ਅੱਜ ਮਾਤਾ ਗੁਰਦਿਆਲ ਕੌਰ ਸੰਧੂ ਦਾ ਅੰਤਿਮ ਸੰਸਕਾਰ ਪਿੰਡ ਮਾਣੂੰਕੇ ਦੇ ਸ਼ਮਸ਼ਾਨ ਘਾਟ ਵਿਖੇ ਵੱਡੀ ਗਿਣਤੀ ਵਿੱਚ ਇਕੱਤਰ ਗੁਰਸੰਗਤਾਂ ਦੀ ਹਾਜ਼ਰੀ ਵਿੱਚ ਕੀਤਾ ਗਿਆ, ਜ਼ਿਕਰਯੋਗ ਹੈ ਕਿ ਸਵੇਰੇ ਉਨ੍ਹਾਂ ਦੇ ਗ੍ਰਹਿ ਵਿਖੇ ਜਦੋਂ ਮਾਤਾ ਗੁਰਦਿਆਲ ਕੌਰ ਦੀ ਮਿਰਤਕ ਦੇਹ ਨੂੰ ਅੰਤਿਮ ਦਰਸ਼ਨਾਂ ਲਈ ਰੱਖਿਆ ਗਿਆ, ਤਾਂ ਭਾਈ ਰਾਜੀਵ ਰਬਾਬੀ ਲੋਪੋ ਵਾਲਿਆਂ ਦੇ ਸੁਰੀਲੇ ਕੀਰਤਨੀ ਜੱਥੇ ਨੇ ਕੀਰਤਨ ਰਾਹੀਂ ਆਪਣੀ ਹਾਜ਼ਰੀ ਭਰੀ ਤੇ ਵੈਰਾਗਮਈ ਕੀਰਤਨ ਰਾਹੀਂ ਗੁਰਸੰਗਤਾਂ ਦਾ ਦਿਲ ਮੋਹ ਲਿਆ, ਮਾਤਾ ਗੁਰਦਿਆਲ ਕੌਰ ਸੰਧੂ ਦੀ ਅੰਤਿਮ ਯਾਤਰਾ ਲਈ ਘਰੋਂ ਗੁਬਾਰਿਆਂ ਨਾਲ ਗੱਡੀ ਸਜਾਈ ਗਈ ਤੇ ਸ਼ਮਸ਼ਾਨ ਘਾਟ ਤੱਕ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਪੈਦਲ ਚੱਲਕੇ ਸਤਿਨਾਮ ਵਾਹਿਗੁਰੂ ਦਾ ਜਾਪ ਕੀਤਾ, ਤੇ ਭਾਈ ਰਾਜੀਵ ਰਬਾਬੀ ਲੋਪੋ ਵਾਲਿਆਂ ਦੇ ਸੁਰੀਲੇ ਕੀਰਤਨੀ ਜੱਥੇ ਨੇ ਘਰ ਤੋਂ ਸ਼ਮਸ਼ਾਨ ਘਾਟ ਤੱਕ ਵੀ ਕੀਰਤਨ ਦੀਆਂ ਸੇਵਾਵਾਂ ਨਿਭਾਈਆਂ, ਸ਼ਮਸ਼ਾਨ ਘਾਟ ਵਿੱਚ ਮਾਤਾ ਗੁਰਦਿਆਲ ਕੌਰ ਸੰਧੂ ਦੀ ਮਿਰਤਕ ਦੇਹ ਤੇ ਲਗਾਤਾਰ ਗੁਲਾਬ ਅਤੇ ਹੋਰ ਫੁੱਲਾਂ ਦੀ ਵਰਖਾ ਕੀਤੀ ਗਈ, ਤੇ ਵੱਖ ਵੱਖ ਧਾਰਮਿਕ, ਸਮਾਜਿਕ, ਅਤੇ ਰਾਜਨੀਤਕ ਸ਼ਖ਼ਸੀਅਤਾਂ ਵੱਖ ਵੱਖ ਥਾਵਾਂ ਤੋਂ ਨਗਰ ਪੰਚਾਇਤਾਂ, ਕਿਸਾਨ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਸੇਜਲ ਅੱਖਾਂ ਨਾਲ ਮਾਤਾ ਗੁਰਦਿਆਲ ਕੌਰ ਸੰਧੂ ਨੂੰ ਦਿੱਤੀ ਅੰਤਿਮ ਵਿਦਾਇਗੀ, ਗੱਲਬਾਤ ਕਰਦਿਆਂ ਹਲਕਾ ਪੱਟੀ ਤੋਂ ਸਾਬਕਾ ਵਿਧਾਇਕ ਸ: ਹਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਮਾਤਾ ਗੁਰਦਿਆਲ ਕੌਰ ਸੰਧੂ ਮਾਣੂੰਕੇ ਬਹੁਤ ਹੀ ਨਿੱਘੇ ਅਤੇ ਮਿਲਾਪੜੇ ਸੁਭਾਅ ਦੇ ਮਾਲਕ ਸਨ। ਅਤੇ ਗੁਰੂ ਘਰ ਪ੍ਰਤੀ ਬੇਹੱਦ ਸ਼ਰਧਾ ਅਤੇ ਅਟੁੱਟ ਵਿਸ਼ਵਾਸ ਰੱਖਦੇ ਸਨ। ਬੇਸ਼ੱਕ ਇਸ ਸੰਸਾਰ ਤੋਂ ਜਾਣਾ ਸਾਰਿਆਂ ਨੇ ਹੀ ਹੈ। ਪਰ ਬੱਚਿਆਂ ਨੂੰ ਕਦੇ ਵੀ ਜ਼ਿੰਦਗੀ ਵਿੱਚ ਮਾਂ ਦੀ ਘਾਟ ਕਦੇ ਵੀ ਪੂਰੀ ਨਹੀਂ ਹੋ ਸਕਦੀ, ਵਾਹਿਗੁਰੂ ਉਨ੍ਹਾਂ ਦੀ ਹਮੇਸ਼ਾ ਲਈ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਤੋਂ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਨੇ ਕਿਹਾ ਕਿ ਪ੍ਰਮਾਤਮਾ ਦੇ ਬਣਾਏ ਜਨਮ ਮਰਨ ਦੇ ਚੱਕਰ ਅਨੁਸਾਰ ਮਾਤਾ ਗੁਰਦਿਆਲ ਕੌਰ ਆਪਣੇ ਸੁਆਸਾਂ ਦੀ ਪੂੰਜੀ ਅਤੇ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਮਾਂ ਦਾ ਰੁਤਬਾ ਸਭ ਤੋਂ ਉੱਚਾ ਰੁਤਬਾ ਹੈ। ਜ਼ਿੰਦਗੀ ਵਿੱਚ ਮਾਂ ਦੀ ਘਾਟ ਬੱਚਿਆਂ ਨੂੰ ਕਦੇ ਵੀ ਪੂਰੀ ਨਹੀਂ ਹੋ ਸਕਦੀ। ਵਾਹਿਗੂਰੂ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਮਾਤਾ ਜੀ ਦੀ ਵਿੱਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਸਥਾਨ ਬਖ਼ਸ਼ੇ, ਅੰਤਿਮ ਸੰਸਕਾਰ ਮੌਕੇ , ਰੀਅਲ ਮਿਕਸ ਨਿਊਜ਼ ਦੀ ਟੀਮ, ਹਲਕਾ ਪੱਟੀ ਤੋਂ ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਐੱਸ ਜੀ ਪੀ ਸੀ ਮੈਂਬਰ ਭਾਈ ਮਨਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਮੇਜਰ ਸਿੰਘ ਮੁੱਲਾਂਪੁਰ, ਚੇਅਰਮੈਨ ਸੁਖਵਿੰਦਰ ਸਿੰਘ ਸਿੱਧੂ, ਸੁਖਵਿੰਦਰ ਸਿੰਘ ਸੰਗਵਾਂ, ਸੇਵਾ ਸਿੰਘ ਉਬੋਕੇ, ਬਲਾਕ ਪ੍ਰਧਾਨ ਗੁਰਮੇਲ ਸਿੰਘ ਤੂਤ, ਦਲਬੀਰ ਸਿੰਘ ਸੇਖੋਂ, ਸਤਨਾਮ ਸਿੰਘ ਸੇਖੋਂ, ਰਸ਼ਪਾਲ ਸਿੰਘ ਬੋਪਾਰਾਏ, ਸਰਪੰਚ ਮਨਜੀਤ ਸਿੰਘ ਮਰਹਾਣਾ, ਸਰਪੰਚ ਪ੍ਰਬਜੀਤ ਸਿੰਘ ਕਿਰਤੋਵਾਲ, ਸਰਪੰਚ ਸਟਾਲਨਜੀਤ ਸਿੰਘ ਠੱਠਾ, ਸੁਖਦੇਵ ਸਿੰਘ ਸੰਗਵਾਂ, ਸਰਪੰਚ ਬਲਰਾਜ ਸਿੰਘ ਭੱਗੁਪੁਰ, ਅਮੋਲਕ ਜੀਤ ਸਿੰਘ ਸਰਹਾਲੀ, ਸਰਪੰਚ ਗੁਰਸੇਵਕ ਸਿੰਘ ਸ਼ਹੀਦ, ਸਰਪੰਚ ਅਵਤਾਰ ਸਿੰਘ ਜੌੜਾ, ਸਰਪੰਚ ਹਰਜਿੰਦਰ ਸਿੰਘ ਚੰਬਲ, ਜਗਬੀਰ ਸਿੰਘ ਸਿੱਧੂ, ਸਰਪੰਚ ਰਣਜੀਤ ਸਿੰਘ ਧੱਤਲ, ਸਰਪੰਚ ਦਲਜਿੰਦਰ ਸਿੰਘ ਜਵੰਦਾ ਕਲਾਂ, ਸਰਪੰਚ ਹਰਦੀਪ ਸਿੰਘ ਜਵੰਦਾ ਕਲਾਂ, ਮਨਦੀਪ ਸਿੰਘ ਮੱਤਾ ਪ੍ਰਧਾਨ ਯੂਥ ਕਾਂਗਰਸ, ਗੁਰਵੇਲ ਸਿੰਘ ਲਹੌਰੀਆ, ਹਰਜਿੰਦਰ ਸਿੰਘ ਬੌਬੀ, ਸਰਪੰਚ ਕਿਰਪਾ ਸਿੰਘ, ਜੋਗਿੰਦਰ ਪਾਲ ਵਿਰਦੀ, ਸਰਪੰਚ ਰੌਸ਼ਨ ਲਾਲ, ਸੋਭਾ ਸਿੰਘ ਪੱਟੀ, ਵਿਜੇ ਸ਼ਰਮਾ, ਨਿਰਮਲ ਜੀਤ ਸਿੰਘ ਲਾਲੀ, ਬਲਾਕ ਪ੍ਰਧਾਨ ਨਿਰਮਲ ਸਿੰਘ, ਗੁਰਭੇਜ ਸਿੰਘ ਨੁਸ਼ਹਿਰਾ ਪੰਨੂਆਂ, ਸੁਖਵਿੰਦਰ ਸਿੰਘ, ਸਰਪੰਚ ਸੁਖਵੀਰ ਸਿੰਘ ਰੂਮੀ ਸੁਖਚੈਨ ਸਿੰਘ ਤੂਤ, ਰਵੀ ਸ਼ੇਰ, ਇੰਦਰਜੀਤ ਢੋਟੀਆਂ, ਟਰੱਕ ਯੂਨੀਅਨ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਧਾਲੀਵਾਲ ਹਠੂਰ, ਬਲਦੇਵ ਸਿੰਘ ਮਾਣੂੰਕੇ, ਸਾਬਕਾ ਵਿਧਾਇਕ ਜੱਗਾ ਹਿੱਸੋਵਾਲ, ਯੂਥ ਆਗੂ ਜਗਰਾਜ ਸਿੰਘ ਰਾਜਾ ਮਾਣੂੰਕੇ, ਬਾਈ ਰਛਪਾਲ ਸਿੰਘ ਚਕਰ, ਭਾਈ ਦਾਨ ਸਿੰਘ ਪਬਲਿਕ ਸਕੂਲ ਮਾਣੂੰਕੇ ਤੋਂ ਸਰਪੰਚ ਗੁਰਮੁਖ ਸਿੰਘ ਸੰਧੂ, ਸੁਖਦੇਵ ਸਿੰਘ ਮਾਣੂੰਕੇ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਬੀ ਜੇ ਪੀ ਦੇ ਮੰਡਲ ਪ੍ਰਧਾਨ ਅਮਰਪ੍ਰੀਤ ਸਿੰਘ ਲਾਡੀ ਹਠੂਰ, ਨਾਵਲਕਾਰ ਅਤੇ ਡਾਇਰੈਕਟਰ ਜਸਵਿੰਦਰ ਸਿੰਘ ਛਿੰਦਾ, ਗੁਰਮੀਤ ਸਿੰਘ ਛੀਨੀਵਾਲ, ਹਰਦੀਪ ਸਿੰਘ ਮਾਣੂੰਕੇ, ਸੰਤ ਬਿਸ਼ਨ ਸਿੰਘ ਮਾਡਲ ਸਕੂਲ ਡੱਲਾ ਤੋਂ ਪ੍ਰਿੰਸੀਪਲ ਸਰਬਜੀਤ ਸਿੰਘ ਭੱਟੀ ਦੇਹੜਕਾ, ਸਾਬਕਾ ਸਰਪੰਚ ਬੂਟਾ ਸਿੰਘ ਮਾਣੂੰਕੇ, ਅੰਤਰਰਾਸ਼ਟਰੀ ਕਬੱਡੀ ਖਿਡਾਰੀ ਹਰਪ੍ਰੀਤ ਸਿੰਘ ਹੈਪੀ, ਦਲਬੀਰ ਸਿੰਘ ਰਿੰਕੂ ਮਾਣੂੰਕੇ, ਬਾਬਾ ਬਲਜੀਤ ਸਿੰਘ, ਜਸਵੀਰ ਸਿੰਘ ਮੁਨੀ, ਗੁਰਪ੍ਰੀਤ ਸਿੰਘ, ਹਰਪਾਲ ਸਿੰਘ ਬਰਾੜ, ਰਮਨਦੀਪ ਸਿੰਘ ਰਮਨਾ, ਨੀਲਾ ਸੰਧੂ, ਮਨਜੀਤ ਸਿੰਘ ਜੀਤੀ, ਕੁਲਦੀਪ ਕੌਰ ਭੱਠਲ, ਧਰਮਜੀਤ ਸਿੰਘ ਧਰਮਾ, ਅਕਾਲੀ ਆਗੂ ਜਗਦੀਸ਼ ਸਿੰਘ ਦੀਸ਼ਾ ਮਾਣੂੰਕੇ, ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਧੁੱਸੀ ਬੰਨ੍ਹ ਨੂੰ ਮਜ਼ਬੂਤ ਕਰਾਇਆ ਜਾਵੇਗਾ ਅਤੇ ਕੰਡਿਆਲੀ ਤਾਰ ਦਾ ਮਸਲਾ ਵੀ ਕੇਂਦਰ ਕੋਲੋਂ ਹੱਲ ਕਰਾਇਆ ਜਾਵੇਗਾ : ਤਰਨਜੀਤ ਸਿੰਘ ਸੰਧੂ

# ਭਾਜਪਾ ਉਮੀਦਵਾਰ ਸ. ਸੰਧੂ ਨੇ ਬੋਨੀ ਅਮਰਪਾਲ ਸਿੰਘ ਅਜਨਾਲਾ ਦੇ ਸੱਦੇ 'ਤੇ ਪਿੰਡ ਘੋਨੇਵਾਲਾ 'ਚ ਧੁੱਸੀ ਬੰਨ੍ਹ ਦਾ ਕੀਤਾ ਦੌਰਾ

☛ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਅੰਮ੍ਰਿਤਸਰ ਅਤੇ ਸਰਹੱਦੀ ਇਲਾਕੇ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ ☛ ਸੰਧੂ ਤੋਂ ਇਲਾਵਾ ਕਿਸੇ ਵੀ ਪਾਰਟੀ ਦੇ ਆਗੂ ਅਤੇ ਚੁਣੇ ਹੋਏ ਨੁਮਾਇੰਦੇ ਨੇ ਸਾਡੀ ਸਾਰ ਨਹੀਂ ਲਈ - ਸਰਹੱਦੀ ਕਿਸਾਨ





**ਰਮਦਾਸ/ ਅਜਨਾਲਾ/ ਅੰਮ੍ਰਿਤਸਰ 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਗਲੀ ਸਰਕਾਰ ਵੀ ਭਾਜਪਾ ਦੀ ਹੋਵੇਗੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਅੰਮ੍ਰਿਤਸਰ ਅਤੇ ਸਰਹੱਦੀ ਇਲਾਕੇ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ।

ਸ. ਤਰਨਜੀਤ ਸਿੰਘ ਸੰਧੂ ਅੱਜ ਬੋਨੀ ਅਮਰਪਾਲ ਸਿੰਘ ਅਜਨਾਲਾ ਦੇ ਸੱਦੇ 'ਤੇ ਹਲਕਾ ਅਜਨਾਲਾ ਦੇ ਸਰਹੱਦੀ ਪਿੰਡ ਘੋਨੇਵਾਲਾ ਦੀ ਪਾਕਿਸਤਾਨ ਨਾਲ ਲਗਦੀ ਧੁੱਸੀ ਬੰਨ੍ਹ ਦਾ ਦੌਰਾ ਕਰਨ ਆਏ ਸਨ, ਨੇ ਕਿਹਾ ਕਿ ਮੋਦੀ ਦਾ ਏਜੰਡਾ ਵਿਕਾਸ ਦਾ ਰਿਹਾ ਹੈ। ਇਹ ਵਿਕਾਸ ਅੰਮ੍ਰਿਤਸਰ ਅਤੇ ਅਜਨਾਲੇ ਵਿਚ ਵੀ ਲਿਆਵਾਂਗੇ। ਧੁੱਸੀ ਬੰਨ੍ਹ 'ਤੇ ਉਨ੍ਹਾਂ ਕਿਸਾਨਾਂ ਤੋਂ ਉਨ੍ਹਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਜਾਣਕਾਰੀ ਲਈ। ਕਿਸਾਨਾਂ ਨੇ ਸ੍ਰ. ਸੰਧੂ ਨੂੰ ਇਕ ਮੰਗ ਪੱਤਰ ਸੌਂਪਦਿਆਂ ਧੁੱਸੀ ਬੰਨ੍ਹ ਅਤੇ ਸਰਹੱਦ 'ਤੇ ਲੱਗੀ ਕੰਡਿਆਲੀ ਤਾਰ ਕਾਰਨ ਆ ਰਹੇ ਔਖ ਬਾਰੇ ਦੱਸਿਆ। ਤਰਨਜੀਤ ਸਿੰਘ ਸੰਧੂ ਨੇ ਕਿਸਾਨਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਧੁੱਸੀ ਬੰਨ੍ਹ ਦਾ ਮੁਆਇਨਾ ਕਰਨ ਉਪਰੰਤ ਕਿਸਾਨਾਂ ਅਤੇ ਇਲਾਕਾ ਨਿਵਾਸੀਆਂ ਨੂੰ ਯਕੀਨ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਜ਼ਰੂਰ ਅਤੇ ਜਲਦ ਹੱਲ ਕੱਢਿਆ ਜਾਵੇਗਾ। ਇਸ ਮੁੱਦੇ ਨੂੰ ਚੋਣਾਂ ਤੋਂ ਬਾਅਦ ਉਹ ਸੰਬੰਧਿਤ ਕੇਂਦਰੀ ਮੰਤਰੀਆਂ ਕੋਲ ਉਠਾਏਗਾ ਅਤੇ ਧੁੱਸੀ ਬੰਨ੍ਹ ਨੂੰ ਮਜ਼ਬੂਤ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਇਲਾਕੇ ਨਾਲ ਮੇਰੇ ਪਰਿਵਾਰ ਦਾ ਖ਼ਾਸ ਨਾਤਾ ਰਿਹਾ ਹੈ। ਇਸ ਇਲਾਕੇ ਲਈ ਜੋ ਵੀ ਕਰਨਾ ਪਵੇ ਕਰਾਂਗਾ। ਉਨ੍ਹਾਂ ਕਿਹਾ ਕਿ ਜਿੱਥੇ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੇ ਪਹਿਲੇ ਹੈੱਡ ਗ੍ਰੰਥੀ ਅਤੇ ਛੇ ਸਿੱਖ ਗੁਰੂਆਂ ਨੂੰ ਗੁਰਤਾਗੱਦੀ ਤਿਲਕ ਲਾਉਣ ਵਾਲੇ ਬਾਬਾ ਬੁੱਢਾ ਜੀ ਦਾ ਘਰ ਹੈ ਅਤੇ ਬਾਬਾ ਬੁੱਢਾ ਜੀ ਦੇ ਅੰਤਿਮ ਸੰਸਕਾਰ 'ਤੇ ਛੇਵੇਂ ਗੁਰੂ ਹਰਗੋਬਿੰਦ ਸਿੰਘ ਜੀ ਵੀ ਰਾਮਦਾਸ ਆਏ ਸਨ। ਇੱਥੇ ਇੱਕ ਪ੍ਰਾਚੀਨ ਸ਼ਿਵ ਮੰਦਰ ਵੀ ਹੈ। ਦੁਨੀਆ ਭਰ ਤੋਂ ਸ਼ਰਧਾਲੂ ਮੱਥਾ ਟੇਕਣ ਲਈ ਆਉਂਦੇ ਹਨ। ਇਸ ਪਵਿੱਤਰ ਖੇਤਰ ਦੀ ਸੇਵਾ ਉਨ੍ਹਾਂ ਲਈ ਮਹਾਨ ਅਰਥ ਰੱਖਦੇ ਹਨ।

ਉਨ੍ਹਾਂ ਮੌਜੂਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਮਦਾਸ ਤਹਿਸੀਲ ਅਜਨਾਲਾ ਅਧੀਨ ਆਉਂਦੇ ਕਰੀਬ 24 ਪਿੰਡਾਂ ਦੀ ਰਾਵੀ ਦਰਿਆ ਦੇ ਕੰਢੇ ਪੈਂਦੇ 5500 ਏਕੜ ਦੇ ਕਰੀਬ ਫ਼ਸਲਾਂ ਹਰ ਸਾਲ ਰਾਵੀ ਦੇ ਵਿਚ ਆਉਂਦੇ ਹੜ੍ਹਾਂ ਕਾਰਨ ਤਬਾਹ ਹੋ ਜਾ ਦੀਆਂ ਹਨ। ਇੱਥੋਂ ਦੀ ਉਪਜਾਊ ਜ਼ਮੀਨ 'ਤੇ ਕਿਸਾਨ ਵੱਖ-ਵੱਖ ਫ਼ਸਲਾਂ ਦੀ ਖੇਤੀ ਕਰਦੇ ਹਨ, ਅਤੇ ਆਪਣਾ ਰੋਜ਼ੀ-ਰੋਟੀ ਕਮਾਉਂਦੇ ਹਨ ਪਰ ਅਕਸਰ ਹਰ ਸਾਲ ਬਰਸਾਤ ਦੇ ਮੌਸਮ ਦੌਰਾਨ ਰਾਵੀ ਦਰਿਆ 'ਚ ਹੜ੍ਹ ਆ ਜਾਂਦੇ ਹਨ, ਜਿਸ ਨਾਲ ਸਾਰੀਆਂ ਫ਼ਸਲਾਂ ਤਬਾਹ ਹੋ ਜਾਂਦੀਆਂ ਹਨ ਅਤੇ ਕਿਸਾਨਾਂ ਦਾ ਭਾਰੀ ਨੁਕਸਾਨ ਹੁੰਦਾ ਹੈ। ਇਸ ਤੋਂ ਇਲਾਵਾ ਇਤਿਹਾਸਕ ਮਹੱਤਤਾ ਵਾਲੇ ਕਸਬਾ ਰਮਦਾਸ ਸਮੇਤ ਹੋਰ ਵੀ ਕਈ ਪਿੰਡ ਪਾਣੀ ਵਿੱਚ ਡੁੱਬ ਜਾਂਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਧੁੱਸੀ ਬੰਨ੍ਹ ਬਣ ਜਾਵੇ ਤਾਂ ਇਸ ਦਾ ਫ਼ਾਇਦਾ ਕਿਸਾਨਾਂ ਨੂੰ ਹੋਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਮੁੱਦੇ ਨੂੰ ਪਹਿਲਾਂ ਹੀ ਵਾਟਰ ਰਿਸੋਰਸ ਮੰਤਰੀ ਕੋਲ ਉਠਾਇਆ ਹੈ। ਚੋਣਾਂ ਤੋਂ ਬਾਅਦ ਇਸ ਮਸਲੇ ਦਾ ਸਥਾਈ ਹੱਲ ਲੱਭਿਆ ਜਾਵੇਗਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮਕਸਦ ਲੋਕਾਂ ਦੀ ਆਰਥਿਕ ਹਾਲਤ ਵੀ ਠੀਕ ਕਰਨਾ ਹੈ। ਤਾਂ ਕਿ ਬਾਰਡਰ ਏਰੀਆ ਨੂੰ ਸੁਧਾਰਿਆ ਜਾ ਸਕਦਾ ਹੈ। ਅਤੇ ਸਰਹੱਦ ਦੇ ਨਾਲ ਲੱਗਦੇ ਕਿਸਾਨਾਂ ਅਤੇ ਆਮ ਲੋਕਾਂ ਦਾ ਜੀਵਨ ਸੁਖਮਈ ਹੋ ਸਕੇ। ਇਸ ਦੇ ਨਾਲ ਹੀ ਕੁਝ ਕਿਸਾਨਾਂ ਨੇ ਤਰਨਜੀਤ ਸਿੰਘ ਸੰਧੂ ਕੋਲ ਸਰਹੱਦ 'ਤੇ ਲੱਗੀ ਕੰਡਿਆਲੀ ਤਾਰ ਦਾ ਮਾਮਲਾ ਉਠਾਇਆ। ਉਨ੍ਹਾਂ ਤਾਰ ਨੂੰ ਜ਼ੀਰੋ ਲਾਇਨ 'ਤੇ ਲਿਜਾਣ ਦੀ ਅਪੀਲ ਕੀਤੀ। ਸ. ਸੰਧੂ ਨੇ ਇਸ ਮਾਮਲੇ ਨੂੰ ਤੁਰੰਤ ਕੇਂਦਰ ਕੋਲ ਰੱਖਣ ਦਾ ਭਰੋਸਾ ਦਿੱਤਾ, ਅਤੇ ਕਿਹਾ ਕਿ ਇਹ ਮਾਮਲਾ ਪਹਿਲਾਂ ਹੀ ਕੇਂਦਰੀ ਗ੍ਰਹਿ ਮੰਤਰੀ ਨਾਲ ਵਿਚਾਰਿਆ ਜਾ ਚੁਕਾ ਹੈ ਅਤੇ ਨਤੀਜੇ ਜਲਦ ਸਾਹਮਣੇ ਆਉਣਗੇ। ਉਨ੍ਹਾਂ ਕਿਸਾਨਾਂ ਨੂੰ ਆਮਦਨੀ 'ਚ ਵਾਧੇ ਲਈ ਆਪਣੀਆਂ ਫ਼ਸਲਾਂ, ਫਲ਼ ਅਤੇ ਸਬਜ਼ੀਆਂ ਨੂੰ ਅੰਮ੍ਰਿਤਸਰ ਤੋਂ ਏਅਰ ਕਾਰਗੋ ਰਾਹੀਂ ਖਾੜੀ ਅਤੇ ਅਮਰੀਕਾ ਵਿਚ ਭੇਜਣ ਦਾ ਸੁਝਾਅ ਦਿੱਤਾ। ਜਿਸ ਲਈ ਉਹ ਹਰਾਰਤ ਮਦਦ ਕਰਨ ਲਈ ਤਿਆਰ ਹਨ।

ਇਸ ਮੌਕੇ ਮੌਜੂਦ ਸਰਹੱਦੀ ਖੇਤਰ ਦੇ ਕਿਸਾਨਾਂ ਗੁਰਨਾਮ ਸਿੰਘ, ਜਸਵੰਤ ਸਿੰਘ ਅਤੇ ਗੁਰਦਿਆਲ ਸਿੰਘ ਨੇ ਧੁੱਸੀ ਬੰਨ੍ਹ 'ਤੇ ਆ ਕੇ ਕਿਸਾਨਾਂ ਤੇ ਇਲਾਕਾ ਨਿਵਾਸੀਆਂ ਦੀ ਸਾਰ ਲੈਣ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸ. ਤਰਨਜੀਤ ਸਿੰਘ ਸੰਧੂ ਦਾ ਦਿਲ ਦੀਆਂ ਗਹਿਰਾਈਆਂ ਤੋਂ ਸਵਾਗਤ ਕਰਦੇ ਹਨ। ਉਨ੍ਹਾਂ ਕਿਹਾ ਕਿ ਚੁਣੇ ਹੋਏ ਕਿਸੇ ਵੀ ਲੋਕ ਪ੍ਰਤੀਨਿਧ ਨੇ ਸਾਡੀ ਸਾਰ ਨਹੀਂ ਲਈ ਹੈ। ਉਨ੍ਹਾਂ ਸ. ਸੰਧੂ ਨੂੰ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਗਰੂਰ ਤੋਂ ਮੀਤ ਹੇਅਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ: ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਕੈਬਨਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਲੋਕ ਸਭਾ ਹਲਕਾ ਸੰਗਰੂਰ ਤੋਂ ਆਮ ਆਦਮੀ ਪਾਰਟੀ ਵੱਲੋਂ ਉਮੀਦਵਾਰ ਬਣਾਏ ਜਾਣ ਤੇ ਸੰਗਰੂਰ ਹਲਕੇ ਦੇ ਨੌਜਵਾਨਾਂ ਦੇ ਹੌਸਲੇ ਬੁਲੰਦ ਹੋਏ ਹਨ। ਗੁਰਮੀਤ ਸਿੰਘ ਮੀਤ ਹੇਅਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪੰਚਾਇਤ ਯੂਨੀਅਨ ਦੇ ਬਲਾਕ ਪ੍ਰਧਾਨ, ਸਰਪੰਚ ਸੁਖਦੀਪ ਸਿੰਘ ਚੀਮਾ,ਆਪ ਆਗੂ ਸਮਸੇਰ ਸਿੰਘ ਸੋਹੀ, ਆਪ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ, ਆਪ ਆਗੂ ਬੂਟਾ ਸੁਲਤਾਨਪੁਰ ਬਲਾਕ ਸੋਸ਼ਲ ਮੀਡੀਆ ਇੰਚਾਰਜ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ ਨੇ ਕੀਤਾ। ਆਗੂਆਂ ਨੇ ਕਿਹਾ ਕਿ ਆਪ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਮੁੱਖ ਮੰਤਰੀ ਦਿੱਲੀ ਅਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਮੀਤ ਹੇਅਰ ਨੂੰ ਉਮੀਦਵਾਰ ਬਣਾਉਣ ਦਾ ਫੈਸਲਾ ਬਹੁਤ ਹੀ ਸਲਾਘਾਯੋਗ ਫੈਸਲਾ ਹੈ। ਸੰਗਰੂਰ ਦੇ ਲੋਕ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਕੀਤੇ ਗਏ ਕੰਮਾਂ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ, ਆਉਣ ਵਾਲੇ ਨਤੀਜੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਆਉਣਗੇ ਗੁਰਮੀਤ ਸਿੰਘ ਮੀਤ ਹੇਅਰ ਵੱਡੇ ਮਾਰਜਨ ਨਾਲ ਜਿੱਤ ਕੇ ਆਮ ਆਦਮੀ ਪਾਰਟੀ ਦੀ ਕੇਂਦਰ ਚ ਬਣਨ ਵਾਲੀ ਸਰਕਾਰ ਦਾ ਹਿੱਸਾ ਬਣਨਗੇ।

# ਕੇਜਰੀਵਾਲ ਦੀ ਗਿਰਫਤਾਰੀ ਦੇ ਖਿਲਾਫ ਆਪ ਆਗੂ ਅੱਜ ਕਰਨਗੇ ਭੁੱਖ ਹੜਤਾਲ: ਜੱਸੀ ਸੇਖੋਂ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਗ੍ਰਿਫ਼ਤਾਰੀ ਖ਼ਿਲਾਫ਼ ਆਮ ਆਦਮੀ ਪਾਰਟੀ ਪੰਜਾਬ ਵਲੋਂ ਵੱਡਾ ਐਲਾਨ ਕੀਤਾ ਗਿਆ ਹੈ। ਜਿਸ ਵਿੱਚ ਆਮ ਆਦਮੀ ਪਾਰਟੀ ਕੇਜਰੀਵਾਲ ਦੀ ਗ੍ਰਿਫ਼ਤਾਰੀ ਖ਼ਿਲਾਫ਼ ਭਲਕੇ ਮਤਲਬ ਕਿ ਐਤਵਾਰ ਨੂੰ ਪੂਰੇ ਪੰਜਾਬ 'ਚ ਸਮੂਹਿਕ ਭੁੱਖ-ਹੜਤਾਲ ਕਰੇਗੀ, ਇਹ ਭੁੱਖ-ਹੜਤਾਲ ਇਕ ਦਿਨ ਦੀ ਹੋਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਸ, ਜਸਵੀਰ ਸਿੰਘ ਜੱਸੀ ਸੇਖੋਂ ਨੇ ਕੀਤਾ। ਉਹਨਾਂ ਕਿਹਾ ਕਿ ਆਪ ਦੇ ਸੀਨੀਅਰ ਆਗੂ ਸੰਜੇ ਸਿੰਘ ਦੀ ਜਮਾਨਤ ਨੇ ਸਿੱਧ ਕਰ ਦਿੱਤਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਆਪ ਦੇ ਕੌਮੀ ਕਨਵੀਨਰ ਵੀ ਜਲਦੀ ਰਿਹਾਅ ਹੋ ਕੇ ਬਾਹਰ ਆਉਣਗੇ ਜਿਸ ਦੇ ਨਾਲ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਲੋਕਾਂ ਦੇ ਸਾਹਮਣੇ ਆਵੇਗਾ। ਪਰ ਪੰਜਾਬ ਦੇ ਲੋਕਾਂ ਨੇ ਇਸ ਵਾਰ ਮਨ ਬਣਾ ਲਿਆ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਨੂੰ ਉਹ ਮੂੰਹ ਨਹੀਂ ਲਾਉਣਗੇ ਇਸ ਵਾਰ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਬੀਕੇਯੂ ( ਅਜਾਦ) ਵੱਲੋਂ ਡੀ,ਸੀ ਦਫ਼ਤਰਾਂ ਚ ਰੋਸ ਪ੍ਰਦਰਸ਼ਨ ਅੱਜ : ਸੁਖਵਿੰਦਰ ਸਿੰਘ ਪੇਧਨੀ

ਧੂਰੀ ( ਰਣਜੀਤ ਸਿੰਘ ਪੇਧਨੀ ) ਆਪਣੀਆਂ ਮੰਗਾਂ ਨੂੰ ਲੈ ਕੇ ਸੰਭੂ ਅਤੇ ਖਨੌਰੀ ਬਾਰਡਰਾਂ ਤੇ ਅੰਦੋਲਨ ਕਰ ਰਹੇ ਕਿਸਾਨ 7 ਅਪ੍ਰੈਲ ਅੱਜ ਪੂਰੇ ਦੇਸ਼ ਭਰ ਦੇ ਵਿੱਚ ਡਿਪਟੀ ਕਮਿਸ਼ਨਰਾਂ ਦੇ ਦਫਤਰਾਂ ਦੇ ਅੱਗੇ ਪੂਰਾ ਰੋਸ ਪ੍ਰਦਰਸ਼ਨ ਕਰਨਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਏਕਤਾ ( ਆਜ਼ਾਦ ) ਬਲਾਕ ਧੂਰੀ ਦੇ ਸੀਨੀਅਰ ਆਗੂ ਸੁਖਵਿੰਦਰ ਸਿੰਘ ਪੇਧਨੀ ਨੇ ਕੀਤਾ। ਉਹਨਾਂ ਕਿਹਾ ਕਿ ਹਰਿਆਣਾ ਦੀ ਸਰਕਾਰ ਨੇ ਕੇਂਦਰ ਸਰਕਾਰ ਦੇ ਇਸਾਰਿਆਂ ਤੇ ਸ਼ਾਂਤਮਈ ਤਰੀਕੇ ਦੇ ਨਾਲ ਰੋਸ ਪ੍ਰਦਰਸ਼ਨ ਰਹੇ ਕਰ ਰਹੇ ਕਿਸਾਨਾਂ ਤੇ ਲਾਠੀ ਚਾਰਜ, ਅੱਥਰੂ ਗੈਸ ਦੇ ਗੋਲੇ ਛੱਡ ਕੇ ਅਤੇ ਇੱਕ ਕਿਸਾਨ ਭਰਾ ਸੁਭਕਰਮਨ ਸਿੰਘ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ ਅਤੇ ਬਾਕੀ ਜਿੰਨਾ ਕਿਸਾਨਾਂ ਤੇ ਨਜਾਇਜ਼ ਪਰਚੇ ਦਰਜ ਕੀਤੇ ਗਏ ਹਨ ਉਹਨਾਂ ਦੇ ਸੰਬੰਧ ਵਿੱਚ ਨਜਾਇਜ਼ ਕੀਤੇ ਪਰਚਿਆਂ ਨੂੰ ਖਾਰਜ ਕਰਵਾਉਣ ਦੇ ਲਈ 7 ਅਪ੍ਰੈਲ ਨੂੰ ਸ਼ਾਂਤਮਈ ਤਰੀਕੇ ਦੇ ਨਾਲ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਜਿਸ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ( ਆਜ਼ਾਦ ) ਦੇ ਵਰਕਰ ਅਤੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਸ਼ਾਮਿਲ ਹੋ ਕੇ ਸ਼ਾਂਤਮਈ ਤਰੀਕੇ ਦੇ ਨਾਲ ਰੋਸ ਪ੍ਰਦਰਸ਼ਨ ਕਰਨਗੇ।

# ਬੀਬੀ ਪਵਿੱਤ ਕੌਰ ਨੇ ਧੂਰੀ ਹਲਕੇ ਦੇ ਪਿੰਡਾਂ ਚ ਕੀਤੀਆਂ ਨੁੱਕੜ ਮੀਟਿੰਗਾਂ



ਧੂਰੀ ( ਰਣਜੀਤ ਸਿੰਘ ਪੇਧਨੀ ) ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸ ਸਿਮਰਨਜੀਤ ਸਿੰਘ ਮਾਨ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸੰਗਰੂਰ ਨੇ ਹਲਕੇ ਦੇ ਵਿਕਾਸ ਲਈ ਦਿਨ ਰਾਤ ਇੱਕ ਕੀਤਾ ਹੋਇਆ ਹੈ ਉਹ ਆਪ ਜਾ ਕੇ ਹਲਕੇ ਦੇ ਹਰ ਪਿੰਡ ਵਿੱਚ ਦੁੱਖ ਸੁੱਖ ਸੁਣ ਰਹੇ ਹਨ ਅਤੇ ਲੋਕਾਂ ਦੇ ਮਸਲੇ ਹੱਲ ਕਰ ਰਹੇ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਪਵਿੱਤ ਕੌਰ ਸਪੁੱਤਰੀ ਸ, ਸਿਮਰਨਜੀਤ ਸਿੰਘ ਮਾਨ ਨੇ ਧੂਰੀ ਹਲਕੇ ਦੇ ਪਿੰਡਾਂ ਵਿੱਚ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਕਿਹਾ ਉਹਨਾਂ ਕਿਹਾ ਕਿ ਸਰਦਾਰ ਮਾਨ ਵੱਲੋਂ ਨੌਜਵਾਨਾਂ ਦੇ ਲਈ ਜਿੰਮਾ, ਖੇਡ ਕਿੱਟਾਂ, ਖੇਡਣ ਦੇ ਲਈ ਵਾਲੀਬਾਲ ਗਰਾਊਂਡ ਅਤੇ ਪਿੰਡਾਂ ਵਿੱਚ ਗਰੀਬ ਧੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੇ ਲਈ ਪਿੰਡ ਪਿੰਡ ਸਲਾਈ ਸੈਂਟਰ ਖੋਲੇ ਗਏ। ਇਸ ਮੌਕੇ ਉਹਨਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਦੇ ਮੈਂਬਰ ਹਰਬੰਸ ਸਿੰਘ ਸਲੇਮਪੁਰ, ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਨਰਿੰਦਰ ਸਿੰਘ ਕਾਲਾਬੂਲਾ, ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਵਾਸਬੀਰ ਸਿੰਘ ਭੁੱਲਰ, ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਸਾਧੂ ਸਿੰਘ ਪੇਧਨੀ,ਰਾਜਵਿੰਦਰ ਸਿੰਘ ਰਾਜ, ਹਰਮਿੰਦਰ ਸਿੰਘ ਲਾਲੀ ਧੂਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸੰਸਾਰ 'ਚ ਸ਼ਾਂਤੀ ਦਾ ਪਾਠ ਪੜ੍ਹਾਉਣ ਵਾਲਾ

# ਭਾਰਤ ਅੱਜ ਕਾਤਲਾਂ ਦੇ ਕਟਹਿਰੇ 'ਚ ਖੜ੍ਹਾ

### ਭਾਰਤ ਵਿੱਚ ਸਿੱਖਾਂ ਦੇ ਖ਼ੂਨ ਦੀ ਹੋਲੀ ਖੇਡਣ ਤੋਂ ਬਾਅਦ ਭਾਰਤ ਦੀਆਂ ਖ਼ੁਫ਼ੀਆ ਏਜੰਸੀਆਂ ਅਤੇ ਸਰਕਾਰ ਨੇ ਮਿਲ ਕੇ ਇਹ ਖੇਡ ਬਾਹਰ ਦੇਸ਼ਾਂ ਪਾਕਿਸਤਾਨ, ਅਫ਼ਗਾਨਿਸਤਾਨ, ਕਨੇਡਾ, ਇੰਗਲੈਂਡ, ਵਿੱਚ ਵੀ ਖੇਡਣੀ ਸ਼ੁਰੂ ਕਰ ਦਿੱਤੀ

ਪਿਛਲੇ ਸਾਲ ਤੋਂ ਸਾਰਾ ਕੁਝ ਸਾਫ ਦਿਸਣਾ ਸ਼ੁਰੂ ਹੋ ਗਿਆ ਕਿ ਕਿਵੇਂ ਭਾਰਤ ਦੀਆਂ ਖੁਫੀਆ ਏਜੰਸੀਆਂ ਨੇ ਭਾਰਤ ਤੋਂ ਬਾਹਰ ਵੱਸਦੇ ਸਿੱਖਾਂ (ਜੋ ਕੀ ਪੰਜਾਬ ਦੀ ਅਜ਼ਾਦੀ ਲਈ ਕੰਮ ਕਰਦੇ ਸਨ)



ਨੂੰ ਕਿਵੇ ਮੌਤ ਦੇ ਘਾਟ ਉਤਾਰਿਆ।ਭਾਰਤ ਦੇ ਆਮ ਲੋਕਾਂ ਤੋਂ ਲੈ ਕੇ ਪੁਲਿਸ, ਸਰਕਾਰ, ਫੌਜ, ਲੀਡਰ, ਸਭ ਨੇ ਆਪਣੇ ਹੱਥ ਸਿੱਖਾ ਦੇ ਖੂਨ ਨਾਲ ਰੰਗੇ। ਭਾਰਤ ਵਿੱਚ ਸਿੱਖਾਂ ਦੇ ਖੂਨ ਦੀ ਹੋਲੀ ਖੇਡਣ ਤੋਂ ਬਾਅਦ ਭਾਰਤ ਦੀਆਂ ਖੁਫੀਆ ਏਜੰਸੀਆਂ ਅਤੇ ਸਰਕਾਰ ਨੇ ਮਿਲ ਕੇ ਇਹ ਖੇਡ ਬਾਹਰ ਦੇਸ਼ਾਂ ਪਾਕਿਸਤਾਨ, ਅਫ਼ਗ਼ਾਨਿਸਤਾਨ, ਕਨੇਡਾ, ਇੰਗਲੈਂਡ, ਵਿੱਚ ਵੀ ਖੇਡਣੀ ਸ਼ੁਰੂ ਕਰ ਦਿੱਤੀ। ਭਾਰਤ ਦੀਆਂ ਅਜੰਸੀਆਂ ਨੂੰ ਰੈਫਰੰਡਮ ਦਾ ਕੋਈ ਤੋੜ ਨਹੀਂ ਲੱਭ ਰਿਹਾ ਸੀ । ਇਸ ਲਈ ਇਹ ਅਜੰਸੀਆਂ ਤਰਲੋ ਮੱਛੀ ਹੋਏ ਪਏ ਸਨ। ਰੈਫਰੰਡਮ ਦੀ ਗੂੰਜ ਨਿੱਤ ਨਵੇਂ ਦੇਸ਼ਾਂ ਵਿੱਚ ਪੈ ਰਹੀ ਸੀ। ਭਾਰਤ ਸਰਕਾਰ ਰੈਫਰੰਡਮ ਨੂੰ ਭਾਰਤ ਵਿੱਚ ਕਾਨੂੰਨੀ ਤੌਰ ਤੇ ਬੈਨ ਕਰਨਾ ਚਹੁੰਦੀ ਪਰ ਕੋਈ ਬਹਾਨਾ ਨਹੀਂ ਸੀ, ਰੈਫਰੰਡਮ ਵੋਟਾਂ ਨਾਲ ਹੁੰਦਾ ਹੈ ਨਾ ਕਿ ਹਥਿਆਰਾਂ ਨਾਲ।

ਫਿਰ ਭਾਰਤ ਸਰਕਾਰ ਅਤੇ ਅਜੰਸੀਆਂ ਇੱਕ ਖੇਡ ਖੇਡੀ ਅਮਰੀਕਾ ਅਤੇ ਕਨੇਡਾ ਵੱਸਦੇ ਆਪਣੇ ਏਜੰਟਾਂ ਕੋਲੋਂ ਪੰਜਾਬ ਵੱਸਦੇ ਖਾਲਿਸਤਾਨੀ ਸੋਚ ਦੇ ਨੌਜਵਾਨਾਂ ਨਾਲ ਸੰਪਰਕ ਬਣਾਇਆ ਗਿਆ ਅਤੇ ਆਪਣੇ ਆਪ ਨੂੰ ਵਿਦੇਸ਼ਾਂ ਵਿੱਚ ਬੈਠੇ ਖਾਲਿਸਤਾਨੀ ਦੱਸਿਆ ਗਿਆ ਜੋ ਪੰਜਾਬ ਲਈ ਬਹੁਤ ਚਿੰਤਿਤ ਹਨ ਅਤੇ ਇਹਨਾਂ ਨੌਜਵਾਨਾਂ ਨੂੰ ਛੋਟੀ ਮੋਟੀ ਰਕਮ ਦੇ ਕੇ ਭੜਕਾਊ ਕਾਰਵਾਈ ਕਰਵਾਇਆ ਮੀਡੀਆ ਅਤੇ ਸੋਸ਼ਲ ਮੀਡੀਆ ਰਾਹੀਂ ਅੱਤਵਾਦੀ ਕਾਰਵਾਈਆਂ ਐਲਾਨ ਕਰਕੇ ਰੈਫਰੰਡਮ ਨੂੰ ਬੈਨ ਕਰ ਦਿੱਤਾ। ਬਾਹਰ ਬੈਠੇ ਭਾਰਤੀ ਏਜੰਟਾਂ ਨੇ ਪੰਜਾਬ ਰਹਿੰਦੇ ਸਿੱਖ ਨੌਜਵਾਨਾਂ ਨੂੰ ਫਸਾਉਣਾ ਜਾਰੀ ਰੱਖਿਆ।

ਤੁਸੀਂ ਵੇਖਿਆ ਹੈ ਦਿੱਲੀ ਨਸਲਕੁਸ਼ੀ ਦੇ ਆਰੋਪੀ ਪੁਲਿਸ ਨੂੰ ਨਹੀਂ ਲੱਭੇ, ਬਰਗਾੜੀ ਬੇਅਬਦੀ ਵਾਲੇ ਨਹੀਂ ਲੱਭੇ, ਨਾਮ ਜੱਪ ਦੀਆਂ ਸੰਗਤਾਂ ਤੇ ਗੋਲੀ ਚਲਾਉਣ ਵਾਲੇ ਨਹੀਂ ਲੱਭੇ, 25000 ਸਿੱਖ ਨੌਜਵਾਨਾਂ ਦੇ ਝੂਠੇ ਮੁਕਾਬਲੇ ਬਣਾਉਣੇ ਵਾਲੇ ਨਹੀਂ ਲੱਭੇ, ਪਰ ਰੈਫਰੰਡਮ ਵਾਲੀਆਂ ਘਟਨਾਵਾਂ ਨਾਲ ਸਬੰਧਤ ਨੌਜਵਾਨਾਂ ਕਿਵੇਂ



24 ਘੰਟਿਆਂ ਵਿੱਚ ਲੱਭ ਜਾਂਦੇ ਸਨ ਕਿਉਂਕਿ ਭਾਰਤੀ ਏਜੰਸੀਆਂ ਹੀ ਅਮਰੀਕਾ ਬੈਠੇ ਆਪਣੇ ਏਜੰਟਾਂ ਨੂੰ ਪੰਜਾਬ ਬੈਠੇ ਨੌਜਵਾਨਾਂ ਬਾਰੇ ਦੱਸਿਆ ਸਨ ਕਿ ਕਿਸੇ ਨੌਜਵਾਨ ਨੂੰ ਸ਼ਿਕਾਰ ਬਣਾਉਣਾ ਹੈ ਅਤੇ ਕਿ ਕਾਰਵਾਈ ਕਰਵਾਉਣੀ ਅਤੇ ਕਿੱਥੇ ਕਰਵਾਉਣੀ ਹੈ।

ਰੈਫਰੰਡਮ ਦੇ ਨਾਂ ਹੇਠ ਸਜ਼ਾਵਾਂ ਕੱਟ ਰਹੇ ਨੌਜਵਾਨਾਂ ਨੂੰ ਪਤਾ ਹੀ ਨਹੀਂ ਲੱਗਾ ਕਿ ਕਦੋਂ ਅਤੇ ਕਿਸ ਤਰ੍ਹਾਂ ਉਹਨਾਂ ਵਰਤਿਆ ਗਿਆ। ਇਹ ਸਾਰੀਆਂ ਰਾਹੀਂ ਭਾਰਤ ਸਰਕਾਰ ਨੇ ਅਮਰੀਕਾ, ਕਨੇਡਾ, ਇੰਗਲੈਂਡ, ਅਸਟ੍ਰੇਲੀਆ, ਅਤੇ ਹੋਰਨਾਂ ਮੁਲਕਾਂ ਨੂੰ ਵੀ ਭਾਰਤੀ ਵਿਰੋਧੀ ਰੈਫਰੰਡਮ ਦੀਆਂ ਗਤੀਵਿਧੀਆਂ ਤੇ ਰੋਕ ਲਾਉਣ ਲਈ ਕਿਹਾ ਪਰ ਇਹਨਾਂ ਸਾਰੇ ਦੇਸ਼ਾਂ ਨੇ ਭਾਰਤ ਨੂੰ ਦੱਸਿਆ ਕਿ ਸਾਡੇ ਦੇਸ਼ ਕਾਨੂੰਨ ਨਾਲ ਚੱਲਦੇ ਹਨ । ਕਾਨੂੰਨ ਨਾਲ ਚੱਲਣ ਦਾ ਦਿਖਾਵਾ ਨਹੀਂ ਕਰਕੇ। ਫੇਰ ਜਦ 2020 ਵਿੱਚ ਕਰੋਨਾ ਨਾਮ ਦੀ ਬਿਮਾਰੀ ਨੇ ਪੂਰੀ ਦੁਨੀਆ ਨੂੰ ਆਪਣੀ ਚਪੇਟ ਵਿੱਚ ਲਿਆ ਤਾਂ ਹਾਹਾਕਾਰ ਮੱਚ ਗਈ। ਉਸ ਸਮੇਂ ਪੂਰੀ ਦੁਨੀਆ ਵਿੱਚ ਵੱਸਦੇ ਸਿੱਖਾਂ ਨੇ ਗੁਰੂ ਨਾਨਕ ਸਾਹਿਬ ਦੱਸੇ ਸਿਧਾਂਤਾਂ ਤੇ ਪਹਿਲੀ ਦਿੱਤਾ ਘਰ ਘਰ ਲੰਗਰ ਪਹੁੰਚਾਇਆ ਹਰ ਚੀਜ਼ ਦੀ ਮਦਦ ਕੀਤਾ। ਇਸ ਸਮੇਂ ਵਿੱਚ ਸਿੱਖਾਂ ਨੇ ਪੂਰੀ ਦੁਨੀਆ ਤੇ ਆਪਣੀ ਛਾਪ ਛੱਡੀ। ਉਸ ਬਾਅਦ ਕਿਸਾਨ ਅੰਦੋਲਨ ਸ਼ੁਰੂ ਹੋ ਗਿਆ ਕਰੋਨਾ ਕਾਲ ਵਿੱਚ ਜਿੱਥੇ ਦੁਨਿਆਂ ਨੇ ਸਿੱਖਾ ਨੂੰ ਇਕ ਸੰਤ ਫ਼ਰਿਸ਼ਤੇ ਰਹਿਬਰ ਮਦਦਗਾਰ ਦੇ ਰੂਪ ਵਿੱਚ ਵੇਖਿਆ ਉਥੇ ਹੀ ਕਿਸਾਨ ਅੰਦੋਲਨ ਵਿਚ ਦੁਨੀਆਂ ਨੇ ਸਿੱਖਾਂ ਦਾ ਸਿਪਾਹੀ ਰੂਪ ਵਿੱਚ ਵੇਖਿਆ ਕਿ ਕਿਵੇਂ ਸਿੱਖ ਆਪਣੇ ਹੱਕ ਲੈਣ ਵੱਡੀ ਤੋਂ ਵੱਡੀ ਤਾਕਤ ਨਾਲ ਭਿੜ ਜਾਂਦਾ ਹੈ। ਕਰੋਨਾ ਅਤੇ ਕਿਸਾਨ ਅੰਦੋਲਨ ਨੇ ਸਿੱਖ ਦੀ ਸ਼ਖ਼ਸੀਅਤ ਨੂੰ ਦੁਨੀਆਂ ਵਿੱਚ ਬਹੁਤ ਉੱਚੇ ਪੱਧਰ ਤੇ ਉਭਾਰਿਆ। ਭਾਵੇ ਕਿ ਕਿਸਾਨ ਅੰਦੋਲਨ ਵਿਚ ਪੂਰੇ ਭਾਰਤ ਦੇ ਕਿਸਾਨ ਸ਼ਾਮਲ ਸਨ ਪਰ ਗੱਲ ਸਿੱਖੀ ਬਹਾਦਰੀ ਦੀ ਚੱਲਦੀ ਸੀ।

ਕਰੋਨਾ ਅਤੇ ਕਿਸਾਨ ਅੰਦੋਲਨ ਤੋਂ ਬਾਅਦ ਪੂਰੀ ਦੁਨੀਆ ਵਿੱਚ ਸਿੱਖਾਂ ਦੀ ਗੱਲ ਚੱਲਣੀ ਸ਼ੁਰੂ ਹੋ ਗਈ ਲੋਕਾਂ ਵਿੱਚ ਸਿੱਖਾਂ ਬਾਰੇ ਜਾਨਣ ਦੀ ਇੱਛਾ ਨੇ ਜਨਮ ਲਿਆ ਸਿੱਖਾਂ ਦੀ ਸ਼ਖ਼ਸੀਅਤ ਨੂੰ ਉਭਾਰਨ ਵਿੱਚ ਖਾਲਸਾ ਏਡ ਦਾ ਵੀ ਬਹੁਤ ਵੱਡਾ ਯੋਗਦਾਨ ਹੈ। ਇਸ ਦੇ ਨਾਲ ਹੀ ਰੈਫਰੰਡਮ ਦੀ ਟੀਮ ਨੇ ਵੀ ਆਪਣੇ ਪ੍ਰੋਗਰਾਮ ਵਿੱਚ ਵਾਧਾ ਕੀਤੇ ਅਤੇ ਵੱਖ਼ਰੇ ਵੱਖ਼ਰੇ ਦੇਸ਼ਾਂ ਵਿੱਚ ਪੰਜਾਬ ਦੀ ਅਜ਼ਾਦੀ ਲਈ ਵੋਟਾਂ ਪਵਾਉਣੀਆਂ ਸ਼ੁਰੂ ਕਰ ਦਿੱਤੀਆ ਭਾਰਤ ਸਰਕਾਰ ਨੇ ਆਪਣੀ ਪੂਰੀ ਤਾਕਤ ਨਾਲ ਰੈਫਰੰਡਮ ਦੀਆਂ ਗਤੀਵਿਧੀਆਂ ਨੂੰ ਵਿਦੇਸ਼ਾਂ ਵਿੱਚ ਰੋਕਣ ਦੀ ਕੋਸ਼ਿਸ਼ ਕੀਤੀ ਪਰ ਅਮਨਪਸੰਦ ਦੇਸ਼ਾਂ ਨੇ ਫਿਰਕਾਪ੍ਰਸਤ ਭਾਰਤੀ ਸਰਕਾਰ ਦਾ ਸਾਥ ਨਾ ਦੇ ਕੇ ਮਾਨਵਤਾ ਦੀ ਮਦਦਗਾਰ ਕੌਮ ਸਿੱਖਾਂ ਦਾ ਸਾਥ ਦੇਣਾ ਪਸੰਦ ਕੀਤਾ। ਹਾਲਾਂਕਿ ਭਾਰਤੀ ਏਜੰਸੀਆਂ ਨੇ ਸਿੱਖ ਨੂੰ ਬਦਨਾਮ ਕਰਨ ਲਈ ਆਪਣੇ ਏਜੰਟਾਂ ਕੋਲੋਂ ਮੰਦਰਾਂ ਦੀਆਂ ਕੰਧਾਂ ਤੇ ਹਿੰਦੂ ਵਿਰੋਧੀ ਨਾਅਰੇ ਲਿੱਖੇ ਮੰਦਰਾਂ ਤੇ ਹਮਲੇ ਕੀਤੇ ਹੋਰ ਬਹੁਤ ਸਾਰੀਆਂ ਘਟੀਆ ਕਾਰਵਾਈਆਂ ਕੀਤੀਆਂ ਪਰ ਕਾਮਯਾਬ ਨਾ ਹੋ ਸਕੇ ਇਸ ਨਾਕਾਮਯਾਬੀ ਤੋਂ ਬਾਅਦ ਭਾਰਤੀ ਏਜੰਸੀਆਂ ਨੇ ਆਪਣੀ ਪੁਰਾਣੀ ਖ਼ੂਨੀ ਖੇਡ ਜੋ ਕਿ ਭਾਰਤ ਅਤੇ ਪਾਕਿਸਤਾਨ ਵਿੱਚ ਖੇਡਦੇ ਸੀ ਉਹੀ ਖੇਡ ਇਗਲੈਂਡ ਵਿੱਚ ਭਾਈ ਅਵਤਾਰ ਸਿੰਘ ਖੰਡੇ ਨਾਲ ਅਤੇ ਕਨੇਡਾ ਵਿੱਚ ਭਾਈ ਹਰਦੀਪ ਸਿੰਘ ਨਿਝਰ ਨਾਲ ਖੇਡੀ ਅਤੇ ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪੰਨੂ ਨਾਲ ਖੇਡਣ ਲੱਗੇ ਕਾਬੂ ਆ ਗਏ ਅਤੇ ਭਾਰਤ ਦਾ ਵਿਦੇਸ਼ ਮੰਤਰੀ ਰਾਜਨਾਥ ਸਿੰਘ ਇੱਕ ਪੱਤਰਕਾਰ ਦੇ ਸਵਾਲ ਦੇ ਜਵਾਬ ਵਿੱਚ ਮੰਨ ਰਿਹਾ ਹੈ ਕਿ ਪਾਕਿਸਤਾਨ ਵਿੱਚ ਅਸੀਂ 20 ਦੇ ਕਰੀਬ ਬੰਦਿਆਂ ਦੀਆਂ ਹੱਤਿਆ ਕਰਵਾਇਆ ਹਨ। ਅਤੇ ਅਮਰੀਕਾ ਵਿੱਚ ਗੁਰਪਤਵੰਤ ਸਿੰਘ ਪੰਨੂ ਨੂੰ ਮਰਵਾਉਣ ਵਿੱਚ ਆਪਣੇ ਅਧਿਕਾਰੀਆਂ ਦੀ ਸ਼ਮੂਲੀਅਤ ਨੂੰ ਵੀ ਦੱਬੀ ਜ਼ੁਬਾਨ ਵਿਚ ਮੰਨ ਰਿਹਾ ਹੈ। ਪੂਰੀ ਦੁਨੀਆ ਦੀਆਂ ਸਟੇਜਾਂ ਤੇ ਖਲੋ ਕੇ ਸਭ ਸ਼ਾਂਤੀ ਦਾ ਪਾਠ ਪੜ੍ਹਾਉਣ ਵਾਲਾ ਭਾਰਤ ਅੱਜ ਆਪ ਹੀ ਕਾਤਲਾਂ ਦੇ ਕਟਿਹਰੇ ਵਿੱਚ ਖੜ੍ਹਾ ਹੈ। ਆਉਣ ਵਾਲੇ ਕੁਝ ਮਹੀਨਿਆਂ ਵਿੱਚ ਪੰਜਾਬ ਵਿੱਚ ਵੱਸਦੇ ਖਾਲਿਸਤਾਨੀ ਪੱਖੀ ਸਿੱਖਾਂ ਨੂੰ ਵੀ ਮੌਤ ਦੇ ਘਾਟ ਉਤਾਰਿਆ ਜਾ ਸਕਦਾ ਹੈ। ਕੁਝ ਦਿਨ ਪਹਿਲਾਂ ਖ਼ਾਲਿਸਤਾਨੀ ਚਿੰਤਕ ਤੇ ਪੰਥਕ ਲੇਖਕ ਸਰਬਜੀਤ ਸਿੰਘ ਘੁਮਾਣ ਅਤੇ ਯੂ ਟਿਊਬ ਚੈਨਲ ਚਲਾਉਂਦੇ ਪੰਥਕ ਪੱਤਰਕਾਰ ਭੁਪਿੰਦਰ ਸਿੰਘ ਸੱਜਣ ਨੂੰ ਜਾਨੋਂ ਮਾਰਨ ਦੀ ਧਮਕੀ ਮਿੱਲ ਚੁੱਕੀ ਮੇਰੇ ਵਰਗੇ ਕੌਮ ਦਾ ਦਰਦ ਰੱਖਣ ਵਾਲੇ ਸਭ ਦਾ ਨੰਬਰ ਆਏਗਾ ਬਹੁਤ ਛੇਤੀ ਆਵੇਗਾ। ਗੁਰੂ ਸਾਹਿਬ ਮਿਹਰ ਕਰਨ ਆਪਣੇ ਪੰਥ ਨੂੰ ਸਦਾ ਚੜ੍ਹਦੀ ਕਲਾ ਵਿੱਚ ਰੱਖਣ। ਮੇਰੇ ਦੋਸਤ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਖਾਲਿਸਤਾਨੀ ਚਿੰਤਕ ਭਾਈ ਸਰਬਜੀਤ ਸਿੰਘ ਘੁਮਾਣ ਜੋ ਖਾਲਸਾ ਫਤਿਹਨਾਮਾ ਮੈਗਜ਼ੀਨ ਚਲਾਉਂਦੇ ਸਨ ਉਹ ਮੈਗਜ਼ੀਨ ਵੀ ਸਰਕਾਰ ਨੇ ਹਰ ਪਾਸਿਓਂ ਘੇਰਾਬੰਦੀ ਕਰਕੇ ਬੰਦ ਕਰਵਾ ਦਿੱਤਾ ਹੈ, ਸਰਕਾਰ ਸਾਡੀ ਸੰਘੀ ਘੁੱਟ ਦੇਣਾ ਚਾਹੁੰਦੀ ਹੈ, ਖਾਲਸਾ ਪੰਥ ਨੂੰ ਸੁਚੇਤ ਹੋਣ ਦੀ ਲੋੜ ਹੈ।

**- ਭੁਪਿੰਦਰ ਸਿੰਘ ਛੇ ਜੂਨ**
**ਮੋ : 98884-29938.**

### ਕਮੇਟੀ ਕਰੇਗੀ ਵੱਖ-ਵੱਖ ਮਾਹਿਰਾਂ ਨਾਲ ਤਾਲਮੇਲ ਕਰਕੇ ਕਰੇਗੀ ਐਮਐਸਪੀ ਦਾ ਸਹੀ ਮੁੱਲਾਂਕਨ

## ਸੰਘਰਸ਼ ਕਰ ਰਹੇ ਦੋਨੋ ਫੋਰਮਾਂ ਵੱਲੋਂ ਇਕ ਪੰਜ ਮੈਂਬਰੀ ਐਮ. ਐਸ. ਪੀ. ਕਮੇਟੀ ਦਾ ਐਲਾਨ



**ਚੰਡੀਗੜ੍ਹ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਭਵਨ ਚੰਡੀਗੜ੍ਹ ਵਿੱਚ ਅੱਜ ਸੰਯੁਕਤ ਕਿਸਾਨ ਮੋਰਚਾ (ਗੈਰ ਰਾਜਨੀਤਿਕ) ਤੇ ਕਿਸਾਨ ਮਜ਼ਦੂਰ ਮੋਰਚਾ ਦੇ ਆਗੂਆਂ ਨੇ ਪ੍ਰੈਸ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਸ਼ੰਭੂ ਅਤੇ ਖਨੌਰੀ ਦੀਆਂ ਸਰਹੱਦਾਂ ਤੇ ਚੱਲ ਰਹੇ ਕਿਸਾਨ ਅੰਦੋਲਨ 2 ਨੇ ਅੱਜ 55 ਦਿਨ ਪੂਰੇ ਕਰ ਲਏ ਹਨ। ਪ੍ਰੈਸ ਨੂੰ ਸੰਬੋਧਨ ਕਰਦੇ ਹੋਏ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਨੇ ਦੱਸਿਆ ਕਿ ਦੋਨੋਂ ਫੋਰਮਾਂ ਨੇ ਆਪਸੀ ਸਹਿਮਤੀ ਨਾਲ ਇੱਕ ਪੰਜ ਮੈਂਬਰੀ ਕਮੇਟੀ ਦਾ ਗਠਨ ਕੀਤਾ ਹੈ ਜੋਂ ਕਿ ਦੇਸ਼ ਭਰ ਵਿਚ ਵੱਖ-ਵੱਖ ਮਾਹਿਰਾਂ ਨਾਲ ਤਾਲਮੇਲ ਕਰ ਐਮਐਸਪੀ ਦਾ ਸਹੀ ਮੁਲਾਂਕਣ ਸੋਧ ਤੇ ਵਿਚਾਰ ਕਰੇਗੀ ਅਤੇ ਐਮਐਸਪੀ ਬਾਰੇ ਫੈਲਾਏ ਜਾ ਰਹੇ ਦੂਰ ਪ੍ਰਚਾਰ ਅਤੇ ਗਲਤ ਜਾਣਕਾਰੀ ਦਾ ਵਿਸ਼ਲੇਸ਼ਣ ਕਰੇਗੀ ਅਤੇ ਦੇਸ਼ ਅੱਗੇ ਰਿਪੋਰਟ ਰੱਖੇਗੀ। ਕਿਸਾਨ ਆਗੂਆਂ ਨੇ ਦੱਸਿਆ ਕਿ ਸ਼ਾਹਪੁਰ ਮੋੜਾ ਮੰਡੀ ਵਿੱਚ ਸ਼ਹੀਦ ਸ਼ੁਭਕਰਨ ਸਿੰਘ ਦੀ ਸ਼ਰਧਾਂਜਲੀ ਸਭਾ ਵਿੱਚ 55 ਹਜ਼ਾਰ 77 ਰੁਪਏ ਇਕੱਠੇ ਹੋਏ ਸੀ ਜਿਸ ਨੂੰ ਸ਼ਹੀਦ ਸੁਭਕਰਨ ਦਾ ਯਾਦਗਰੀ ਸਮਾਰਕ ਬਣਾਉਣ ਲਈ ਪਿੰਡ ਬੱਲੋਂ ਦੀ ਕਮੇਟੀ ਨੂੰ ਸੌਂਪ ਦਿੱਤਾ ਗਿਆ ਹੈ। ਕਿਸਾਨ ਜਥੇਬੰਦੀਆਂ ਵੱਲੋਂ ਦੱਸਿਆ ਗਿਆ ਕਿ ਫਰਜ਼ੀ ਮੁੱਕਦਮਿਆਂ ਵਿੱਚ ਫੜੇ ਗਏ ਕਿਸਾਨਾਂ ਦੀ ਰਿਹਾਈ ਲਈ ਦੇਸ਼ ਭਰ ਵਿੱਚ ਰੋਸ ਮਾਰਚ ਕੀਤੇ ਜਾਣਗੇ ਅਤੇ ਭਾਜਪਾ ਦੀ ਅਰਥੀ ਫੂਕ ਮੁਜਾਹਰਾ ਕੀਤਾ ਜਾਵੇਗਾ। ਉਨਾਂ ਕਿਹਾ ਕਿ ਜੇਕਰ 9 ਅਪ੍ਰੈਲ ਤੱਕ ਗਿਰਫਤਾਰ ਕੀਤੇ ਹੋਏ ਕਿਸਾਨਾਂ ਨੂੰ ਨਹੀਂ ਛੱਡਿਆ ਗਿਆ ਤਾਂ ਸ਼ੰਭੂ ਬਾਰਡਰ ਨੂੰ ਪੱਕੇ ਤੌਰ ਤੇ ਰੇਲ ਰੋਕ ਧਰਨਾ ਸ਼ੁਰੂ ਕੀਤਾ ਜਾਵੇਗਾ ਜਿਸਦੇ ਲਈ ਸਰਕਾਰ ਜਿੰਮੇਵਾਰ ਹੋਵੇਗੀ।

ਦੇਸ਼ ਭਰ ਵਿਚੋਂ ਅੰਦੋਲਨ ਨੂੰ ਤੇਜ ਕਰਨ ਲਈ ਕਿਸਾਨ ਮਜ਼ਦੂਰ ਮੋਰਚਾ ਦਾ ਇਕ 5 ਮੈਂਬਰੀ ਵਫ਼ਦ ਅੱਜ ਸ਼ਾਮ ਨੂੰ ਦੱਖਣ ਭਾਰਤ ਵੱਲ ਰਵਾਨਾ ਹੋਵੇਗਾ ਜਿਸ ਦੀ ਅਗਵਾਈ ਸਰਵਨ ਸਿੰਘ ਪੰਧੇਰ ਕਰਨਗੇ। ਯਾਦ ਰਹੇ ਕੀ ਸ਼ਹੀਦ ਸ਼ੁਭਕਰਨ ਦੀ ਕਲਸ਼ ਯਾਤਰਾ ਇਸ ਵਕਤ ਤਾਮਿਲਨਾਡੂ ਦੇ ਵੱਖ ਵੱਖ ਪਿੰਡਾਂ ਸ਼ਹਿਰਾਂ ਵਿੱਚ ਭਾਜਪਾ ਸਰਕਾਰ ਵੱਲੋਂ ਕੀਤੇ ਜਬਰ ਦੀ ਤਸਵੀਰ ਨੂੰ ਸਬੂਤ ਵੱਜੋ ਪੇਸ਼ ਕਰ ਰਹੀ ਹੈ। ਅੱਜ ਸ਼ੰਭੂ ਬਾਰਡਰ ਤੋਂ ਅੱਜ ਸ਼ਹੀਦ ਸ਼ੁਭਕਰਨ ਸਿੰਘ ਦੀ ਅਸਥੀ ਯਾਤਰਾ ਮੱਧਿਆ ਪ੍ਰਦੇਸ਼ ਅਤੇ ਬਿਹਾਰ ਲਈ ਰਵਾਨਾ ਹੋਈ। ਇਸ ਮੌਕੇ ਸੁਖਜੀਤ ਸਿੰਘ ਹਰਦੋਝੰਡਾ, ਜਸਵਿੰਦਰ ਸਿੰਘ ਲੋਂਗੋਵਾਲ, ਲਖਵਿੰਦਰ ਸਿੰਘ ਔਲਖ, ਅਮਰਜੀਤ ਸਿੰਘ ਮੋਹੜੀ, ਗੁਰਵਿੰਦਰ ਸਿੰਘ ਭੰਗੂ, ਸਤਨਾਮ ਸਿੰਘ ਸਾਹਨੀ, ਦਵਿੰਦਰ ਸਿੰਘ ਚੋਹਕਾ, ਗੁਰਨੀਤ ਸਿੰਘ ਮਾਂਗਟ, ਬਲਦੇਵ ਸਿੰਘ ਕਲੇਰ, ਹਰਵਿੰਦਰ ਸਿੰਘ ਮਸਾਣੀਆ ਆਗੂ ਹਾਜ਼ਰ ਸਨ

## ਸਟੇਟ ਪੈਨਸ਼ਨਰਜ ਵੈਲਫੇਅਰ ਆਰਗੇਨਾਈਜੇਸ਼ਨ ਰਜਿਸਟਡ ਪਠਾਨਕੋਟ ਵਲੋਂ ਕੀਤੀ ਗਈ ਮਹੀਨਾਵਾਰ ਮੀਟਿੰਗ



**ਪਠਾਨਕੋਟ, 6 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਟੇਟ ਪੈਨਸ਼ਨਰਜ ਵੈਲਫੇਅਰ ਆਰਗੇਨਾਈਜੇਸ਼ਨ ਰਜਿਸਟਡ ਪਠਾਨਕੋਟ ਵਲੋਂ ਮਹੀਨਾਵਾਰ ਮੀਟਿੰਗ ਪੁਰਾਣਾ ਖਜਾਨਾ ਦਫਤਰ ਪਠਾਨਕੋਟ ਵਿਖੇ ਸਰਦਾਰ ਕੇਦਾਰਨਾਥ ਸੈਣੀ ਪ੍ਰਧਾਨ ਸਟੇਟ ਪੈਨਸ਼ਨਰਜ ਵੈਲਫੇਅਰ ਆਰਗੇਨਾਈਜੇਸ਼ਨ ਰਜਿਸਟਡ ਪਠਾਨਕੋਟ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿਚ ਬਤੌਰ ਸਰਪ੍ਰਸਤ ਮਾਸਟਰ ਸੇਰ ਸਿੰਘ ਸੈਣੀ ਪਿੰਡ ਗੰਢੇ ਪਿੰਡੀ ਸਾਮਿਲ ਹੋਏ ਅਤੇ ਬਤੌਰ ਮੁੱਖ ਮਹਿਮਾਨ ਮਾਸਟਰ ਸੇਰ ਸਿੰਘ ਸੈਣੀ ਪਠਾਨਕੋਟ ਸਾਮਿਲ ਹੋਏ। ਇਸ ਮਿਟਿੰਗ ਵਿਚ ਸਟੇਜ ਸਕੱਤਰ ਦਾ ਫਰਜ ਸ਼੍ਰੀ ਵਿਜੇ ਕੁਮਾਰ ਜਿਲੇਦਾਰ ਸੇਵਾਮੁਕਤ ਵਲੋਂ ਨਿਭਾਇਆ ਗਿਆ ਸ਼੍ਰੀ ਭਗਵਤੀ ਸਰਮਾ ਵਲੋਂ ਮਿਟਿੰਗ ਨੂੰ ਸਬੌਧਿਤ ਕਰਦਿਆਂ ਹੋਇਆਂ ਕਿਹਾ ਗਿਆ ਕਿ ਮੌਕੇ ਦੀ ਸਰਕਾਰ ਅਦਾਲਤ ਵਲੋਂ ਦਿਤਾ ਫੈਸਲਾ,ਕਿ ਪੈਨਸ਼ਨਰਾਂ ਨੂੰ ਉਹਨਾਂ ਦਾ ਬਣਦਾ ਬਕਾਇਆ ਦੇ ਦਿੱਤਾ ਜਾਵੇ, ਬਾਰੇ ਕੋਈ ਪਰਵਾਹ ਨਹੀ ਕਰ ਰਹੀ ਹੈ ਜੇ ਮੌਕੇ ਦੀ ਸਰਕਾਰ ਅਦਾਲਤ ਵਲੋਂ ਦਿਤੇ ਫੈਸਲੇ ਨੂੰ ਲਾਗੂ ਨਹੀ ਕਰਦੀ ਤਾਂ ਪੈਨਸ਼ਨਰਾਂ ਵਲੋਂ ਲੋਕ ਸਭਾ ਚੌਣਾਂ ਵਿਚ ਸਰਕਾਰ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਸਟੇਟ ਪੈਨਸ਼ਨਰਜ ਵੈਲਫੇਅਰ ਆਰਗੇਨਾਈਜੇਸ਼ਨ ਰਜਿਸਟਡ ਪਠਾਨਕੋਟ ਦੇ ਪ੍ਰਧਾਨ ਵਲੋਂ ਵੀ ਇਸ ਮਿਟਿੰਗ ਨੂੰ ਸਬੌਧਨ ਕੀਤਾ ਗਿਆ ਉਹਨਾਂ ਵਲੋਂ ਵੀ ਸਰਕਾਰ ਦੀ ਇਸ ਮਸਲੇ ਬਾਰੇ ਨਿਖੇਧੀ ਕੀਤੀ ਗਈ। ਇਸ ਤੋਂ ਬਾਦ ਇਸ ਸੰਸਥਾ ਦੇ ਸਰਪ੍ਰਸਤ ਸ਼੍ਰੀ ਸੇਰ ਸਿੰਘ ਸੈਣੀ ਵਲੋਂ ਮਿਟਿੰਗ ਨੂੰ ਸੰਬੋਧਨ ਕੀਤਾ ਗਿਆ। ਉਹਨਾਂ ਵਲੋਂ ਵੀ ਇਸ ਗੱਲ ਦੀ ਤੈਇਦ ਕੀਤੀ ਗਈ ਕਿ ਮੌਕੇ ਦੀ ਸਰਕਾਰ ਵਲੋਂ ਪੈਨਸ਼ਨਰਾਂ ਦੀਆਂ ਮੰਗਾ ਨੂੰ ਅਤੇ ਮਾਨਯੋਗ ਅਦਾਲਤ ਵਲੋਂ ਦਿੱਤੇ ਫੈਸਲੇ ਨੂੰ ਅਣਗੌਲਿਆਂ ਕੀਤਾ ਜਾ ਰਿਹਾ ਹੈ ਜੋ ਬਹੁਤ ਗਲਤ ਹੈ ਅਤੇ ਪੈਨਸ਼ਨਰਜ ਨਾਲ ਧੱਕਾ ਹੈ। ਇਸ ਮੌਕੇ ਤੇ ਸਰਦਾਰ ਸਵਰਨ ਸਿੰਘ, ਸ਼੍ਰੀ ਰਣਜੀਤ ਸਿੰਘ ਸੈਣੀ, ਸ਼੍ਰੀ ਮਨ ਮੋਹਨ ਕੁਮਾਰ ਸ਼੍ਰੀ ਵਿਜੇ ਸਿੰਘ, ਸ਼੍ਰੀ ਗੁਰਬਚਨ ਲਾਲ ਸੈਣੀ,ਸ਼੍ਰੀ ਉਮ ਪ੍ਰਕਾਸ਼, ਮਾਸਟਰ ਸ਼ਾਮ ਸਿੰਘ ਸੈਣੀ, ਸ਼੍ਰੀ ਕੰਸ ਰਾਜ, ਸ਼੍ਰੀ ਸੁਰਿੰਦਰ ਕੁਮਾਰ, ਸ਼੍ਰੀ ਤਰਸੇਮ ਲਾਲ, ਸ਼੍ਰੀ ਰਾਜ ਪਾਲ, ਸ਼੍ਰੀ ਅਮਰਜੀਤ ਕੁਮਾਰ, ਸ਼੍ਰੀ ਸਤੀਸ ਕੁਮਾਰ, ਸ਼੍ਰੀ ਹਰਬੰਸ ਲਾਲ,ਆਦਿ ਹਾਜਰ ਸਨ।

## ਬਾਦਲ ਦਲ ਨੇ ਪੰਥਕ ਸਿਧਾਂਤਾਂ ਦੀਆਂ ਧੱਜੀਆਂ ਉਡਾਈਆਂ ਅਤੇ ਸ੍ਰੀ ਅਕਾਲ ਤਖਤ ਸਾਹਿਬ ਦਾ ਅਪਮਾਨ ਕੀਤਾ : ਸਿੰਘ ਸਾਹਿਬ

# ਸੰਗਤਾਂ ਨੇ ਬਾਦਲ ਦਲ ਨੂੰ ਵਿਧਾਨ ਸਭਾ ਚੋਣਾਂ ਵਿੱਚ ਜੋ ਸਜ਼ਾ ਦਿੱਤੀ, ਲੋਕ ਸਭਾ ਚੋਣਾਂ ਵਿੱਚ ਵੀ ਉਹੀ ਇਤਿਹਾਸ ਦੁਹਰਾਇਆ ਜਾਵੇ

☛ ਪੰਥਕ ਵਿਚਾਰਾਂ ਲਈ ਅਹਿਮ ਮੀਟਿੰਗ 20 ਅਪ੍ਰੈਲ ਨੂੰ ਪਿੰਡ ਰੋਡੇ ਵਿਖੇ ਬੁਲਾਈ ☛ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਪਿੰਡ ਰੋਡੇ ਵਿਖੇ 2 ਜੂਨ ਨੂੰ ਆਯੋਜਿਤ ਹੋਣਗੇ



**ਅੰਮ੍ਰਿਤਸਰ/ਭਿੱਖੀਵਿੰਡ • ਜਗਦੇਵ ਸਿੰਘ ਸਮਰਾ**

ਇੰਟਰਨੈਸ਼ਨਲ ਪੰਥਕ ਦਲ ਦੀ ਇੱਕ ਭਰਵੀਂ ਮੀਟਿੰਗ ਪਾਰਟੀ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਸ੍ਰੀ ਗੁਰੂ ਅਰਜਨ ਦੇਵ ਜੀ ਨਿਵਾਸ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਈ । ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕੀਤੀ । ਮੀਟਿੰਗ ਵਿੱਚ ਵੱਖ-ਵੱਖ ਅਹੁਦੇਦਾਰਾਂ ਨੇ ਆਪਣੇ ਕੀਮਤੀ ਵਿਚਾਰ ਪੇਸ਼ ਕੀਤੇ ।ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਮੀਟਿੰਗ ਦੋ ਮੁੱਖ ਕਾਰਨਾਂ ਕਰਕੇ ਅਯੋਜਿਤ ਕੀਤੀ ਗਈ ਹੈ ।ਪਹਿਲਾ ਕਾਰਨ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਹੈ। ਉਨ੍ਹਾਂ ਦੱਸਿਆ ਕਿ 2 ਜੂਨ ਨੂੰ ਪਿੰਡ ਰੋਡੇ ਵਿਖੇ ਸੰਤ ਖਾਲਸਾ ਗੁਰਦੁਆਰਾ ਸਾਹਿਬ ਵਿਖੇ ਸੰਤਾਂ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ, ਉਸ ਦੀ ਤਿਆਰੀ ਸਬੰਧੀ ਇਸ ਮੀਟਿੰਗ ਵਿੱਚ ਵਿਚਾਰ ਚਰਚਾ ਕੀਤੀ ਗਈ। ਇਸ ਤੋਂ ਇਲਾਵਾ ਇਸ ਮੀਟਿੰਗ ਵਿੱਚ ਪੰਜਾਬ ਵਿੱਚ ਹੋਣ ਵਾਲੀਆਂ ਲੋਕ ਸਭਾ ਚੋਣਾਂ ਨੂੰ ਮੁੱਖ ਰੱਖ ਕੇ ਵਿਚਾਰ ਵਟਾਂਦਰਾ ਕੀਤਾ ਗਿਆ।

ਸਿੰਘ ਸਾਹਿਬ ਨੇ ਇਸ ਮੌਕੇ ਕਿਹਾ ਕਿ ਪੰਜਾਬ ਅਤੇ ਸਿੱਖ ਪੰਥ ਨੂੰ ਬਚਾਉਣ ਲਈ ਪੰਥਕ ਸਿਧਾਂਤਾਂ ਆਧਾਰਿਤ ਰਾਜਨੀਤੀ ਸਮੇਂ ਦੀ ਲੋੜ ਹੈ। ਸਿੰਘ ਸਾਹਿਬ ਜੀ ਨੇ ਕਿਹਾ ਕਿ ਪੰਥ ਦੀ ਹਮੇਸ਼ਾ ਚੜਦੀ ਕਲ੍ਹਾ ਦੀ ਗੱਲ ਸਿਰਫ ਇੰਟਰਨੈਸ਼ਨਲ ਪੰਥਕ ਦਲ ਨੇ ਹੀ ਕੀਤੀ ਹੈ ਬਾਕੀ ਸਾਰੇ ਅਕਾਲੀ ਦਲ ਨਾਮ ਦੇ ਹੀ ਅਕਾਲੀ ਦਲ ਹਨ, ਜੋ ਹਮੇਸ਼ਾਂ ਪੰਥ ਨੂੰ ਡੋਬਣ ਦੇ ਰਾਹ ਹੀ ਤੁਰੇ ਹਨ । ਸਿੰਘ ਸਾਹਿਬ ਨੇ ਬਾਦਲ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਉੱਪਰ ਸਿੱਧਾ ਹਮਲਾ ਕਰਦਿਆਂ ਕਿਹਾ ਕਿ ਇਸ ਨੇ ਆਪਣੇ ਪਰਿਵਾਰਕ ਹਿੱਤਾਂ ਦੀ ਖਾਤਰ ਜਿੱਥੇ ਸਿੱਖ ਪੰਥ ਦੇ ਸਿਧਾਂਤਾਂ ਨੂੰ ਪੈਰੀਂ ਰੋਲਿਆ ਹੈ, ਉੱਥੇ ਹੀ ਸ੍ਰੀ ਅਕਾਲ ਤਖਤ ਸਾਹਿਬ ਜੀ ਦੀਆਂ ਮਹਾਨ ਪ੍ਰੰਪਰਾਵਾਂ ਦਾ ਵੀ ਘੋਰ ਅਪਮਾਨ ਕੀਤਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੀ ਸ਼ਹੀਦੀ ਲਈ ਜ਼ਿੰਮੇਵਾਰ ਪੁਲਸ ਅਫਸਰਾਂ ਨੂੰ ਬਚਾਉਣ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ, ਸੌਦਾ ਸਾਧ ਨੂੰ ਮੁਆਫੀ ਦਿਵਾਉਣ ਅਤੇ ਹੋਰ ਪੰਥਕ ਦੁਖਾਂਤਾਂ ਲਈ ਬਾਦਲ ਅਕਾਲੀ ਦਲ ਸਿੱਧੇ ਤੌਰ 'ਤੇ ਦੋਸ਼ੀ ਹੈ। ਸਿੰਘ ਸਾਹਿਬ ਨੇ ਕਿਹਾ ਕਿ ਇਹੋ ਕਾਰਨ ਹੈ ਕਿ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਬਾਦਲ ਅਕਾਲੀ ਦਲ ਨੂੰ ਸਿਰਫ ਦੋ ਸੀਟਾਂ ਤੋਂ ਹੀ ਜਿੱਤ ਹਾਸਲ ਹੋਈ, ਬਾਕੀ ਸਾਰੀਆਂ ਸੀਟਾਂ ਤੋਂ ਸ਼ਰਮਨਾਕ ਹਾਰ ਹੋਈ। ਸਿੰਘ ਸਾਹਿਬ ਨੇ ਕਿਹਾ ਕਿ ਆਪਣੇ ਸਿਆਸੀ ਖਾਤਮੇ ਦੀ ਸ਼ੁਰੂਆਤ ਨੂੰ ਦੇਖ ਕੇ ਅਤੇ ਸੰਗਤਾਂ ਦੇ ਪੈ ਰਹੇ ਭਾਰੀ ਦਬਾਅ ਹੇਠ ਆ ਕੇ ਸੁਖਬੀਰ ਸਿੰਘ ਬਾਦਲ ਨੇ ਪੰਥ ਤੋਂ ਮਾਫੀ ਮੰਗਣ ਦਾ ਡਰਾਮਾ ਕੀਤਾ। ਸਿੱਧੇ ਤੌਰ 'ਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ ਹੋ ਕੇ ਮਾਫੀ ਮੰਗਣ ਅਤੇ ਸਜਾ ਲਵਾਉਣ ਦੀ ਥਾਂ ਆਪਣੇ ਪੈਸੇ ਦੀ ਸ਼ਕਤੀ ਦੇ ਹੰਕਾਰ ਵਿੱਚ ਆ ਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਪਿੱਛੇ ਜਾ ਕੇ ਆਪੇ ਹੀ ਅਰਦਾਸ ਕਰਨ ਅਤੇ ਆਪੇ ਹੀ ਮਾਫੀ ਮੰਗ ਲੈਣ, ਖ਼ੁਦ ਨੂੰ ਮਾਫ ਕਰ ਲੈਣ ਦਾ ਹੰਕਾਰੀ ਰਵੱਈਆ ਅਪਣਾ ਕੇ ਸੁਖਬੀਰ ਸਿੰਘ ਬਾਦਲ ਨੇ ਪੰਥਕ ਰਵਾਇਤਾਂ ਦੀਆਂ ਧੱਜੀਆਂ ਉਡਾਈਆਂ ਹਨ। ਸਿੰਘ ਸਾਹਿਬ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਉਸ ਅਕਾਲੀ ਦਲ ਦਾ ਭਾਰੀ ਨੁਕਸਾਨ ਕੀਤਾ ਹੈ, ਜਿਸ ਅਕਾਲੀ ਦਲ ਨੂੰ ਪੰਥਕ ਨੇਤਾਵਾਂ ਨੇ ਵੱਡੀਆਂ ਕੁਰਬਾਨੀਆਂ ਕਰਕੇ ਮਜਬੂਤ ਕੀਤਾ ਸੀ। ਉਨ੍ਹਾਂ ਕਿਹਾ ਕਿ ਅੱਜ ਅਕਾਲੀ ਦਲ ਨੂੰ ਸੁਖਬੀਰ ਸਿੰਘ ਬਾਦਲ ਨੇ ਆਪਣੇ ਨਿੱਜੀ ਕਾਰੋਬਾਰ ਵਧਾਉਣ ਅਤੇ ਨਿੱਜੀ ਸਵਾਰਥਾਂ ਨੂੰ ਪੂਰੇ ਕਰਨ ਦਾ ਸਾਧਨ ਬਣਾ ਲਿਆ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਅੱਜ ਵੀ ਆਪਣੇ ਪੈਸੇ ਦੀ ਹੈਂਕੜ ਵਿੱਚ ਆ ਕੇ ਸਿੱਖ ਪੰਥ ਨੂੰ ਆਪਣੀ ਜੇਬ ਵਿੱਚ ਸਮਝ ਰਿਹਾ ਹੈ, ਇਸ ਲਈ ਸਮੂਹ ਸੰਗਤਾਂ ਨੂੰ ਲੋਕ ਸਭਾ ਚੋਣਾਂ ਵਿੱਚ ਇਨ੍ਹਾਂ ਦੀ ਹੈਸੀਅਤ ਦਾ ਅਹਿਸਾਸ ਕਰਵਾ ਦੇਣਾ ਚਾਹੀਦਾ ਹੈ। ਇਸੇ ਦੌਰਾਨ ਸਿੰਘ ਸਾਹਿਬ ਨੇ ਦੱਸਿਆ ਕਿ ਇਸ ਸਬੰਧੀ ਹੋਰ ਵਿਸਥਾਰਤ ਵਿਚਾਰ ਵਟਾਂਦਰਾ 20 ਅਪ੍ਰੈਲ ਨੂੰ ਪਿੰਡ ਰੋਡੇ ਵਿਖੇ ਹੋਣ ਵਾਲੀ ਮੀਟਿੰਗ ਵਿੱਚ ਕੀਤਾ ਜਾਵੇਗਾ। ਪਿੰਡ ਰੋਡੇ ਵਿੱਚ ਹੋਣ ਵਾਲੀ ਮੀਟਿੰਗ ਵਿੱਚ ਜੱਥੇਬੰਦੀ ਦੇ ਜਿੰਮੇਵਾਰ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਜਾਵੇਗੀ । ਸਿੰਘ ਸਾਹਿਬ ਨੇ ਸੰਗਤਾਂ ਨੂੰ 20 ਅਪ੍ਰੈਲ ਨੂੰ ਪਿੰਡ ਰੋਡੇ ਦੀ ਮੀਟਿੰਗ ਅਤੇ 2 ਜੂਨ ਨੂੰ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਜਨਮ ਦਿਨ ਦੇ ਸਮਾਗਮ ਵਿੱਚ ਵੱਧ ਤੋਂ ਵੱਧ ਹਾਜਰੀ ਭਰਨ ਦੀ ਅਪੀਲ ਕੀਤੀ । ਅੱਜ ਦੀ ਮੀਟਿੰਗ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਤੋਂ ਇਲਾਵਾ ਸ੍ਰ. ਦਲੀਪ ਸਿੰਘ ਚੱਕਰ ਕਨਵੀਨਰ, ਸ੍ਰ.ਹਰਚੰਦ ਸਿੰਘ ਚੱਕਰ ਪ੍ਰਧਾਨ, ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ, ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਮੁੱਖ ਸਲਾਹਕਾਰ ਆਈ.ਪੀ.ਡੀ, ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ ਅਤੇ ਮੈਂਬਰ ਸ਼੍ਰੋਮਣੀ ਕਮੇਟੀ, ਸ੍ਰ. ਦਰਸ਼ਨ ਸਿੰਘ ਮੰਡ ਸੀਨੀਅਰ ਆਗੂ, ਜੱਥੇਦਾਰ ਸਵਰਨਜੀਤ ਸਿੰਘ ਮੁੱਖੀ ਤਰਨਾ ਦਲ ਦੁਆਬਾ ਸ਼ਹੀਦਾਂ, ਬਾਬਾ ਬਲਵਿੰਦਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਜਨਮ ਅਸਥਾਨ ਪਿੰਡ ਰੋਡੇ, ਭਾਈ ਵੀਰ ਸਿੰਘ, ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ ਆਦਿ ਹਾਜਰ ਸਨ।

## ਐਸ.ਡੀ.ਐਮ.ਬਲਬੀਰ ਰਾਜ ਵਲੋਂ ਕਰਤਾਰਪੁਰ ਦਾਣਾ ਮੰਡੀ ਦਾ ਦੌਰਾ

# ਕਣਕ ਦੀ ਖ਼ਰੀਦ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਕਰਤਾਰਪੁਰ, 06 ਅਪ੍ਰੈਲ (ਆਵਾਜ਼ਿ ਕੌਮ ਬਿਊਰੋ )**-ਮੰਡੀਆਂ ਵਿੱਚ ਕਣਕ ਦੀ ਸੁਚਾਰੂ ਖ਼ਰੀਦ ਨੂੰ ਯਕੀਨੀ ਬਣਾਉਣ ਲਈ ਉਪ ਮੰਡਲ ਮੈਜਿਸਟਰੇਟ ਜਲੰਧਰ-1 ਬਲਬੀਰ ਰਾਜ ਵਲੋਂ ਅੱਜ ਕਰਤਾਰਪੁਰ ਦਾਣਾ ਮੰਡੀ ਦਾ ਦੌਰਾ ਕਰਕੇ ਕਣਕ ਦੀ ਖ਼ਰੀਦ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨਾਂ ਦੱਸਿਆ ਕਿ ਡਿਪਟੀ ਕਮਿਸ਼ਨਰ, ਜਲੰਧਰ ਡਾ.ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਣਕ ਦੀ ਸੁਚੱਜੀ ਖ਼ਰੀਦ ਲਈ ਪੁਖ਼ਤਾ ਇੰਤਜ਼ਾਮਾਂ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 10 ਅਪ੍ਰੈਲ ਤੋਂ ਕਣਕ ਦੀ ਆਮਦ ਸ਼ੁਰੂ ਹੋ ਜਾਵੇਗੀ। ਉਨ੍ਹਾਂ ਦੱਸਿਆ ਕਿ ਡਿਪਟੀ ਕਮਿਸ਼ਨਰ ਵਲੋਂ ਪਹਿਲਾਂ ਹੀ ਵੱਖ-ਵੱਖ ਖ਼ਰੀਦ ਏਜੰਸੀਆਂ, ਮਾਰਕਿਟ ਕਮੇਟੀਆਂ ਤੇ ਸਿਵਲ ਤੇ ਫੂਡ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਜਾ ਚੁੱਕੀਆਂ ਹਨ ਕਿ ਮੰਡੀਆਂ ਵਿੱਚ ਕਣਕ ਲੈ ਕੇ ਆਉਣ ਵਾਲੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਪਰੇਸ਼ਾਨੀ ਪੇਸ਼ ਨਹੀਂ ਆਉਣੀ ਚਾਹੀਦੀ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਪੀਣ ਵਾਲੇ ਪਾਣੀ, ਸਾਫ਼ ਸਫਾਈ, ਛਾਂ, ਪਖ਼ਾਨੇ, ਲਾਈਟਾਂ ਅਤੇ ਹੋਰ ਜਰੂਰੀ ਪ੍ਰਬੰਧਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਖ਼ਰੀਦ ਏਜੰਸੀਆਂ, ਮਾਰਕਿਟ ਕਮੇਟੀਆਂ, ਆੜਤੀਆਂ ਅਤੇ ਖੁਰਾਕ ਤੇ ਸਿਵਲ ਵਿਭਾਗ ਦੇ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਗਈ ਅਤੇ ਕੀਤੇ ਜਾ ਰਹੇ ਪ੍ਰਬੰਧਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਹਾਸਿਲ ਕੀਤੀ।

